ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post



SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit **punjabipost.ca/epaper** | **Vol 22* Issue 121** | **Thursday, June 22, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*


## ਪੋਰਟ ਕ੍ਰੈਡਿਟ ਵਿੱਚ ਹੋਈ ਸ਼ੂਟਿੰਗ ਵਿੱਚ 1 ਹਲਾਕ, 1 ਜ਼ਖ਼ਮੀ



ਓਨਟਾਰੀਓ, 21 ਜੂਨ (ਪੋਸਟ ਬਿਊਰੋ) : ਪੋਰਟ ਕ੍ਰੈਡਿਟ ਵਿੱਚ ਹੋਈ ਸ਼ੂਟਿੰਗ ਤੋਂ ਬਾਅਦ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਦੂਜਾ ਹਸਪਤਾਲ ਵਿੱਚ ਜੇਰੇ ਇਲਾਜ ਹੈ।

ਪੀਲ ਪੁਲਿਸ ਨੇ ਦੱਸਿਆ ਕਿ ਗੋਲੀਆਂ ਚੱਲਣ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਬੁੱਧਵਾਰ ਰਾਤੀਂ 8:30 ਦੇ ਨੇੜੇ ਤੇੜੇ ਉਹ ਲੇਕ ਓਨਟਾਰੀਓ ਦੇ ਨੇੜੇ ਓਕਵੁੱਡ ਐਵਨਿਊ ਸਾਊਥ ਪਹੁੰਚੇ। ਮੌਕੇ ਉੱਤੇ ਪਹੁੰਚਣ ਉੱਤੇ ਉਨ੍ਹਾਂ ਨੂੰ ਦੋ ਵਿਅਕਤੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੇ।

ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਤਾਂ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ ਜਦਕਿ ਮਹਿਲਾ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।ਪੁਲਿਸ ਵੱਲੋਂ ਅਜੇ ਕਿਸੇ ਮਸ਼ਕੂਕ ਸਬੰਧੀ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

## ਹਾਊਸ ਆਫ ਕਾਮਨਜ਼ ਦੀ ਕਾਰਵਾਈ ਨੂੰ ਕੀਤਾ ਗਿਆ ਮੁਲਤਵੀ



ਓਟਵਾ, 21 ਜੂਨ (ਪੋਸਟ ਬਿਊਰੋ) : ਬੁੱਧਵਾਰ ਰਾਤ ਤੋਂ ਹਾਊਸ ਆਫ ਕਾਮਨਜ਼ ਦੀ ਕਾਰਵਾਈ ਮੁਲਤਵੀ ਕੀਤੀ ਜਾ ਰਹੀ ਹੈ। ਸਾਰੀਆਂ ਪਾਰਟੀਆਂ ਬਸੰਤ ਦੀ ਸਿਟਿੰਗ ਨੂੰ ਦੋ ਦਿਨ ਪਹਿਲਾਂ ਖ਼ਤਮ ਕਰਨ ਲਈ ਸਹਿਮਤ ਹਨ।

ਇਹ ਫੈਸਲਾ ਉਸ ਸਮੇਂ ਕੀਤਾ ਗਿਆ ਜਦੋਂ ਲਿਬਰਲਾਂ ਵੱਲੋਂ ਲਿਆਂਦੇ ਕੁੱਝ ਅਹਿਮ ਬਿੱਲਜ਼ ਉੱਤੇ ਐਮਪੀਜ਼ ਨੂੰ ਬਹਿਸ ਕਰਨੀ ਪਈ ਤੇ ਕੰਜ਼ਰਵੇਟਿਵ ਰਾਤ ਭਰ ਜਾਗ ਕੇ ਵੋਟਿੰਗ ਕਰਨ ਦੇ ਸਰਕਾਰ ਦੇ ਫੈਸਲੇ ਤੋਂ ਪਿੱਛੇ ਹਟ ਗਏ।ਬੁੱਧਵਾਰ ਦੁਪਹਿਰ ਨੂੰ ਸਰਕਾਰ ਦੇ ਹਾਊਸ ਲੀਡਰ ਮਾਰਕ ਹਾਲੈਂਡ ਨੇ ਆਖਿਆ ਕਿ ਹੁਣ ਜਦੋਂ ਸਾਰੀਆਂ ਧਿਰਾਂ ਪਾਰਲੀਆਮੈਂਟ ਦੀ ਕਾਰਵਾਈ ਖ਼ਤਮ ਕਰਨ ਲਈ ਸਹਿਮਤ ਹਨ ਤਾਂ ਉਹ ਵੀ ਅਜਿਹਾ ਕਰਨ ਦੇ ਹੱਕ ਵਿੱਚ ਹਨ। ਉਨ੍ਹਾਂ ਦੱਸਿਆ ਕਿ ਹੁਣ ਹਾਊਸ ਦੀ ਕਾਰਵਾਈ 18 ਸਤੰਬਰ ਦਿਨ ਸੋਮਵਾਰ ਤੱਕ ਬੰਦ ਰਹੇਗੀ।

ਜ਼ਿਕਰਯੋਗ ਹੈ ਕਿ ਮਈ ਵਿੱਚ ਜਦੋਂ ਹਾਲੈਂਡ ਨੇ ਇਹ ਐਲਾਨ ਕੀਤਾ ਸੀ ਕਿ ਕੁੱਝ ਅਹਿਮ ਬਿੱਲ ਪਾਸ ਕਰਨ ਲਈ ਐਮਪੀਜ਼ ਰਾਤ ਤੱਕ ਬਹਿਸ ਕਰਿਆ ਕਰਨਗੇ ਤਾਂ ਇਸ ਸੈਸ਼ਨ ਦੀ ਹਰ ਰਾਤ ਸਰਕਾਰੀ ਏਜੰਡਿਆਂ ਨੂੰ ਵਿਚਾਰਿਆ ਗਿਆ। ਉਸ ਸਮੇਂ ਉਨ੍ਹਾਂ ਆਖਿਆ ਸੀ ਕਿ ਪਾਰਲੀਆਮੈਂਟ ਵਿੱਚ ਨੌਂ ਬਿੱਲ ਪਾਸ ਕਰਵਾਉਣ ਵਾਲੇ ਪਏ ਹਨ। ਬੁੱਧਵਾਰ ਨੂੰ ਹਾਲੈਂਡ ਨੇ ਦੱਸਿਆ ਕਿ 15 ਹਫਤਿਆਂ ਵਿੱਚ 15 ਬਿੱਲ ਪਾਸ ਕਰਵਾਉਣ ਵਿੱਚ ਲਿਬਰਲ ਸਰਕਾਰ ਲੱਗਭਗ ਸਫਲ ਰਹੀ ਹੈ। ਉਨ੍ਹਾਂ ਇਹ ਵੀ ਆਖਿਆ ਕਿ ਇਹ ਸੱਭ ਐਨਡੀਪੀ ਦੀ ਮਦਦ ਨਾਲ ਸੰਭਵ ਹੋ ਸਕਿਆ। ਬਿੱਲ ਸੀ 22, ਜੋ ਕਿ ਡਿਸਐਬਿਲਿਟੀ ਬੈਨੇਫਿਟ ਸਬੰਧੀ ਬਿੱਲ ਸੀ ਤੇ ਬਿੱਲ ਸੀ-13 ਜੋ ਕਿ ਲੈਂਗੁਏਜ ਪ੍ਰੋਟੈਕਸ਼ਨ ਸਬੰਧੀ ਬਿੱਲ ਸੀ, ਪੂਰੀ ਤਰ੍ਹਾਂ ਪਾਸ ਹੋ ਚੁੱਕੇ ਹਨ ਤੇ ਹੋਰ ਸੈਨੇਟ ਸਾਹਮਣੇ ਵਿਚਾਰ ਅਧੀਨ ਹਨ।

## ਜਗਮੀਤ ਸਿੰਘ ਨੇ ਨਿੱਜਰ ਦੇ ਕਤਲ ਦੀ ਜਾਂਚ ਕਰਵਾਉਣ ਦੀ ਕੀਤੀ ਮੰਗ



ਓਟਵਾ, 21 ਜੂਨ (ਪੋਸਟ ਬਿਊਰੋ) : ਐਨਡੀਪੀ ਆਗੂ ਜਗਮੀਤ ਸਿੰਘ ਵੱਲੋਂ ਪਬਲਿਕ ਸੇਫਟੀ ਮੰਤਰੀ ਮਾਰਕੋ ਮੈਂਡੀਸਿਨੋ ਤੋਂ ਸਰ੍ਹੀ, ਬੀਸੀ ਵਿੱਚ ਰਹਿਣ ਵਾਲੇ ਸਿੱਖ ਕਮਿਊਨਿਟੀ ਦੇ ਉੱਘੇ ਮੈਂਬਰ ਹਰਦੀਪ ਸਿੰਘ ਨਿੱਜਰ ਦੇ ਕਤਲ ਦੀ ਜਾਂਚ ਕਰਵਾਏ ਜਾਣ ਦੀ ਮੰਗ ਕੀਤੀ ਜਾ ਰਹੀ ਹੈ। ਇਹ ਰਿਪੋਰਟਾਂ ਵੀ ਮਿਲੀਆਂ ਹਨ ਕਿ ਕੁੱਝ ਸਮਾਂ ਪਹਿਲਾਂ ਨਿੱਜਰ ਨੂੰ ਕੈਨੇਡੀਅਨ ਇੰਟੈਲੀਜੈਂਸ ਅਧਿਕਾਰੀਆਂ ਵੱਲੋਂ ਇਹ ਚੇਤਾਵਨੀ ਦਿੱਤੀ ਗਈ ਸੀ ਕਿ ਉਸ ਦੀ ਜ਼ਿੰਦਗੀ ਖਤਰੇ ਵਿੱਚ ਹੈ।

ਕੈਨੇਡਾ ਦੇ ਸੱਭ ਤੋਂ ਵੱਡੇ ਗੁਰਦੁਆਰਿਆਂ ਵਿੱਚੋਂ ਇੱਕ ਗੁਰੂ ਨਾਨਕ ਸਿੱਖ ਗੁਰਦੁਆਰੇ ਦਾ ਨਿੱਜਰ ਪ੍ਰਧਾਨ ਸੀ। ਐਤਵਾਰ ਸ਼ਾਮ ਨੂੰ ਗੁਰ-ਦੁਆਰੇ ਤੋਂ ਬਾਹਰ ਨਿਕਲਦੇ ਸਮੇਂ ਉਸ ਦੀ ਗੱਡੀ ਵਿੱਚ ਹੀ ਗੋਲੀਆਂ ਮਾਰ ਕੇ ਉਸ ਦਾ ਕਤਲ ਕਰ ਦਿੱਤਾ ਗਿਆ ਸੀ।ਜਗਮੀਤ ਸਿੰਘ ਨੇ ਮੈਂਡੀਸਿਨੋ ਨੂੰ ਮੰਗਲਵਾਰ ਨੂੰ ਲਿਖੇ ਖੁੱਲ੍ਹੇ ਪੱਤਰ ਵਿੱਚ ਇਹ ਆਖਿਆ ਕਿ ਇਸ ਹਿੰਸਕ ਘਟਨਾ ਤੋਂ ਬਾਅਦ ਸਿੱਖ ਕਮਿਊਨਿਟੀ ਪਹਿਲਾਂ ਨਾਲੋਂ ਵੀ ਚਿੰਤਤ ਤੇ ਅਸੁਰੱਖਿਅਤ ਮਹਿਸੂਸ ਕਰ ਰਹੀ ਹੈ। ਉਨ੍ਹਾਂ ਇਹ ਵੀ ਲਿਖਿਆ ਕਿ ਪਬਲਿਕ ਸੇਫਟੀ ਮੰਤਰੀ ਹੋਣ ਨਾਤੇ ਹਰ ਕੈਨੇਡੀਅਨ ਨੂੰ ਸੁਰੱਖਿਅਤ ਮਹਿਸੂਸ ਕਰਵਾਉਣ ਦੀ ਜ਼ਿੰਮੇਵਾਰੀ ਤੁਹਾਡੀ ਹੈ ਤੇ ਇਸ ਲਈ ਜੋ ਬਣਦਾ ਹੈ ਉਹ ਤੁਹਾਨੂੰ ਕਰਨਾ ਚਾਹੀਦਾ ਹੈ।

ਉਨ੍ਹਾਂ ਇਹ ਵੀ ਮੰਗ ਕੀਤੀ ਕਿ ਨਿੱਜਰ ਦੇ ਕਤਲ ਦੀ ਜਾਂਚ ਕਰਵਾਈ ਜਾਵੇ ਤੇ ਮੀਡੀਆ ਰਿਪੋਰਟਾਂ ਵਿੱਚ ਸਾਹਮਣੇ ਆਏ ਦੋਸ਼ਾਂ ਦੀ ਵੀ ਤਹਿ ਤੱਕ ਜਾਇਆ ਜਾਵੇ। ਮੰਗਲਵਾਰ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ ਨਿਊ ਯੌਰਕ ਸਥਿਤ ਵਕੀਲ ਗੁਰਪਤਵੰਤ ਸਿੰਘ ਪੰਨੂ ਨੇ ਆਖਿਆ ਕਿ ਨਿੱਜਰ ਦੇ ਕਤਲ ਤੋਂ ਇੱਕ ਦਿਨ ਪਹਿਲਾਂ ਉਨ੍ਹਾਂ ਨੇ ਉਸ ਨਾਲ ਗੱਲ ਕੀਤੀ ਸੀ। ਪੰਨੂ ਦੇ ਹਵਾਲੇ ਨਾਲ ਕੈਨੇਡੀਅਨ ਪ੍ਰੈੱਸ ਨੇ ਇਹ ਰਿਪੋਰਟ ਕੀਤਾ ਕਿ ਨਿੱਜਰ ਨੇ ਉਸ ਨੂੰ ਦੱਸਿਆ ਸੀ ਕਿ ਉਹ ਵੱਖਰਾ ਸਿੱਖ ਸਟੇਟ ਹਾਸਲ ਕਰਨ ਲਈ ਰਾਇਸ਼ੁਮਾਰੀ ਉੱਤੇ ਵੋਟ ਕਰਵਾਉਣ ਦਾ ਪ੍ਰਬੰਧ ਕਰ ਰਿਹਾ ਹੈ। ਪਰ ਉਸ ਦੀ ਸੇਫਟੀ ਨੂੰ ਖਤਰਾ ਹੈ ਤੇ ਇਹ ਵੀ ਕਿ ਭਾਰਤ ਸਰਕਾਰ ਨੇ ਨਿੱਜਰ ਦੀ ਗ੍ਰਿਫਤਾਰੀ ਲਈ ਇਨਾਮ ਰੱਖਿਆ ਹੋਇਆ ਹੈ।

ਪੰਨੂ ਅਨੁਸਾਰ ਨਿੱਜਰ ਨੇ ਉਸ ਨੂੰ ਆਖਿਆ ਕਿ ਗੈਂਗਸਟਰਜ਼ ਨੇ ਉਸ ਨੂੰ ਦੱਸਿਆ ਹੈ ਕਿ ਉਹ ਦੋਵੇਂ ਹੀ ਹਿੱਟ ਲਿਸਟ ਉੱਤੇ ਹਨ। ਨਿੱਜਰ ਨੇ ਇਹ ਵੀ ਆਖਿਆ ਕਿ ਕੈਨੇਡੀਅਨ ਸਕਿਊਰਿਟੀ ਇੰਟੈਲੀਜੈਂਸ ਸਰਵਿਸ ਨੇ ਵੀ ਉਸ ਨੂੰ ਚੇਤਾਵਨੀ ਦਿੱਤੀ ਹੈ ਕਿ ਉਸ ਨੂੰ ਜਾਨੋਂ ਮਾਰਿਆ ਜਾ ਸਕਦਾ ਹੈ। ਇਸ ਸਬੰਧੀ ਮੈਂਡੀਸਿਨੋ ਦੇ ਆਫਿਸ ਤੱਕ ਟਿੱਪਣੀ ਲਈ ਪਹੁੰਚ ਕੀਤੀ ਗਈ ਪਰ ਉੱਧਰੋਂ ਕੋਈ ਪ੍ਰਤੀਕਿਰਿਆ ਨਹੀਂ ਹੋਈ।


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com



INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1






SUPER VISA INSURANCE EXPERTS
Punjab Insurance Inc
RANJIT GILL Insurance Advisor
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca



PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill



AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axael InsuranceBrokers Ltd.
1332 Khalsa Dr, Unit # 11, Mississauga, ON L5S 0A2



Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients



HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com



Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ
ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755



PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com



Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598



Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392



CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor



A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜ਼ੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
647-998-7500
ਬਲਵਿੰਦਰ



ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਅਮਰੀਕਾ ਦੇ ਮਿਨੀਸੋਟਾ ਵਿੱਚ ਸੜਕ ਹਾਦਸੇ ਦੌਰਾਨ ਆਪਣੇ ਦੋਸਤ ਦੇ ਵਿਆਹ ਵਿਚ ਜਾਣ ਲਈ ਇਕੱਠੀਆਂ ਹੋਈਆਂ 5 ਸਹੇਲੀਆਂ ਦੀ ਮੌਤ

ਕੈਲੀਫੋਰਨੀਆ, 21 ਜੂਨ (ਪੋਸਟ ਬਿਊਰੋ): ਮਿਨੀਸੋਟਾ ਰਾਜ ਦੇ ਸ਼ਹਿਰ ਮਿਨੀਆਪੋਲਿਸ ਵਿਚ ਵਾਪਰੇ ਇਕ ਭਿਆਨਕ ਸੜਕ ਹਾਦਸੇ ਵਿਚ 5 ਔਰਤ ਦੋਸਤਾਂ ਦੇ ਮਾਰੇ ਜਾਣ ਦੀ ਖਬਰ ਹੈ। ਮ੍ਰਿਤਕਾਂ ਦੀ ਉਮਰ 21 ਸਾਲ ਤੋਂ ਘੱਟ ਦੱਸੀ ਜਾਂਦੀ ਹੈ।

ਮਿਨੀਆਪੋਲਿਸ ਪੁਲਿਸ ਵਿਭਾਗ ਨੇ ਜਾਰੀ ਇਕ ਬਿਆਨ ਵਿਚ ਕਿਹਾ ਹੈ ਕਿ ਹਾਦਸੇ ਤੋਂ ਪਹਿਲਾਂ ਮਿਨੀਸੋਟਾ ਸਟੇਟ ਗਸ਼ਤੀ ਦਲ ਨੇ ਇੰਟਰ ਸਟੇਟ 35 ਉਪਰ ਇਕ ਤੇਜ਼ ਰਫ਼ਤਾਰ ਕਾਰ ਜਾਂਦੀ ਵੇਖੀ ਪਰੰਤੂ ਇਸ ਤੋਂ ਪਹਿਲਾਂ ਕਿ ਗਸ਼ਤੀ ਦਲ ਕਿਸੇ ਟਰੈਫ਼ਿਕ ਸਟਾਪ 'ਤੇ ਕਾਰ ਨੂੰ ਰੋਕਣ ਦੀ ਕੋਸ਼ਿਸ਼ ਕਰਦਾ, ਉਸ ਦਾ ਡਰਾਈਵਰ ਕਾਰ ਨੂੰ ਰਾਸ਼ਟਰੀ ਮਾਰਗ ਛੱਡ ਕੇ ਇਕ ਪਾਸੇ ਲੈ ਕੇ ਨਿਕਲ ਗਿਆ।



ਬਾਅਦ ਵਿਚ ਕਾਰ ਲੇਕ ਸਟਰੀਟ ਤੇ ਸੈਕੰਡ ਐਵੀਨਿਊ ਵਿਚਾਲੇ ਪੈਂਦੇ ਚੌਰਾਹੇ 'ਤੇ ਬਿਨਾਂ ਲਾਲ ਬੱਤੀ ਦੀ ਪਰਵਾਹ ਕੀਤੇ ਅਗੇ ਨਿਕਲ ਗਈ ਤੇ ਇਕ ਕਾਰ ਵਿਚ ਜਾ ਵੱਜੀ ਜਿਸ ਵਿਚ 4 ਬਾਲਗ ਔਰਤਾਂ ਤੇ 1 ਨਬਾਲਗ ਔਰਤ ਸਵਾਰ ਸੀ ਜਿਨਾਂ ਦੀ ਮੌਕੇ ਉਪਰ ਹੀ ਮੌਤ ਹੋ ਗਈ।

ਪੁਲਿਸ ਹਾਦਸੇ ਵਾਲੇ ਸਥਾਨ 'ਤੇ ਸਥਾਨਕ ਸਮੇ ਅਨੁਸਾਰ ਰਾਤ 10.12 ਵਜੇ ਪਹੁੰਚੀ। ਬਿਆਨ ਅਨੁਸਾਰ ਹਾਦਸੇ ਲਈ ਜਿੰਮੇਵਾਰ ਕਾਰ ਦੇ ਡਰਾਈਵਰ ਨੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ ਪਰੰਤੂ ਪੁਲਿਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਸ ਨੂੰ ਹੇਨਪਿਨ ਕਾਊਂਟੀ ਮੈਡੀਕਲ ਸੈਂਟਰ ਵਿਚ ਡਾਕਟਰੀ ਜਾਂਚ ਲਈ ਦਾਖਲ ਕਰਵਾਇਆ ਗਿਆ ਹੈ। ਉਸ ਨੂੰ ਅਜੇ ਤੱਕ ਰਸਮੀ ਤੌਰ 'ਤੇ ਗ੍ਰਿਫ਼ਤਾਰ ਨਹੀਂ ਕੀਤਾ ਗਿਆ ਹੈ ਤੇ ਨਾ ਹੀ ਅਜੇ ਤੱਕ ਉਸ ਵਿਰੁੱਧ ਦੋਸ਼ ਆਇਦ ਕੀਤੇ ਗਏ ਹਨ। ਮ੍ਰਿਤਕਾਂ ਦੀ ਪਛਾਣ ਸਲਮਾ ਮੁਹੰਮਦ ਐਬਡੀਕਾਦਿਰ (20), ਸਾਹਰਾ ਲਿਬਨ ਗੈਸਾਡੇ (20), ਸਾਗਲ ਬੁਰਹਾਨ ਹਰਸੀ (19), ਸਿਹਾਮ ਐਡਨ ਓਧੋਵਾ (19) ਤੇ ਸਬੀਰੀਨ ਮੁਹੰਮਦ ਅਲੀ (17) ਵਜੋਂ ਹੋਈ ਹੈ। ਇਹ ਪੰਜੇ ਔਰਤਾਂ ਆਪਸ ਵਿਚ ਮਿੱਤਰ ਸਨ ਤੇ ਆਪਣੇ ਦੋਸਤ ਦੇ ਵਿਆਹ ਵਿਚ ਸ਼ਾਮਿਲ ਹੋਣ ਲਈ ਇਕੱਠੀਆਂ ਹੋਈਆਂ ਸਨ।

# ਕਈ ਗੱਡੀਆਂ ਦੀ ਟੱਕਰ ਵਿੱਚ ਦੋ ਹਲਾਕ

ਪਿੱਕਰਿੰਗ, 21 ਜੂਨ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਹਾਈਵੇਅ 401 ਉੱਤੇ ਕਈ ਗੱਡੀਆਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ। ਹਾਦਸਾ ਐਨਾ ਜ਼ਬਰਦਸਤ ਸੀ ਕਿ ਕਈ ਧਮਾਕੇ ਵੀ ਸੁਣਾਈ ਦਿੱਤੇ। ਇਸ ਮਗਰੋਂ ਪਿੱਕਰਿੰਗ-ਐਜੈਕਸ ਬਾਰਡਰ ਨੇੜੇ ਹਾਈਵੇਅ 401 ਨੂੰ ਦੋਵਾਂ ਦਿਸ਼ਾਵਾਂ ਤੋਂ ਬੰਦ ਕਰ ਦਿੱਤਾ ਗਿਆ।

ਦਰਹਾਮ ਰੀਜਨਲ ਪੁਲਿਸ ਸਾਰਜੈਂਟ ਜੋਏਨ ਬਰਟੋਲਸ ਨੇ ਦੱਸਿਆ ਕਿ ਰਾਤੀਂ 10:30 ਵਜੇ ਦੇ ਨੇੜੇ ਤੇੜੇ ਬ੍ਰੌਕ ਰੋਡ ਉੱਤੇ ਹਾਈਵੇਅ 401 ਉੱਤੇ ਇੱਕ ਟੈਂਕਰ ਟਰੱਕ, ਇੱਕ ਟਰਾਂਸਪੋਰਟ ਟਰੱਕ ਤੇ ਪੈਸੈਂਜਰ ਗੱਡੀ ਦਰਮਿਆਨ ਟੱਕਰ ਹੋ ਜਾਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਵੱਖ ਵੱਖ ਐਮਰਜੰਸੀ ਸਰਵਿਸਿਜ਼ ਤੋਂ ਅਮਲੇ ਨੂੰ ਹਾਦਸੇ ਵਾਲੀ ਥਾਂ ਉੱਤੇ ਭੇਜਿਆ ਗਿਆ। ਉਨ੍ਹਾਂ ਦੱਸਿਆ ਕਿ ਇਹ ਵੀ ਮੰਨਿਆ ਜਾ ਰਿਹਾ ਹੈ ਕਿ ਇੱਕ ਗੱਡੀ ਵਿੱਚ ਗੈਸੋਲੀਨ ਮੌਜੂਦ ਸੀ।



ਓਨਟਾਰੀਓ ਟਰਾਂਸਪੋਰਟੇਸ਼ਨ ਮੰਤਰਾਲੇ ਤੋਂ ਹਾਸਲ ਹੋਈ ਫੁਟੇਜ ਤੇ ਸੋਸ਼ਲ ਮੀਡੀਆ ਤੋਂ ਮਿਲੀਆਂ ਪੋਸਟਸ ਤੋਂ ਹਾਦਸੇ ਦੇ ਅਸਰ ਦਾ ਪਤਾ ਲੱਗਦਾ ਹੈ। ਵੀਡੀਓਜ਼ ਵਿੱਚ ਹਾਦਸੇ ਮਗਰੋਂ ਅੱਗ ਦੀਆਂ ਲਪਟਾਂ ਆਸਮਾਨ ਵਿੱਚ ਜਾਂਦੀਆਂ ਨਜ਼ਰ ਆ ਰਹੀਆਂ ਹਨ। ਓਪੀਪੀ ਸਾਰਜੈਂਟ ਕੈਰੀ ਸ਼ਮਿਡਟ ਨੇ ਦੱਸਿਆ ਕਿ ਹਾਦਸੇ ਤੋਂ ਕੁੱਝ ਸਮੇਂ ਬਾਅਦ ਹੀ ਇੱਕ ਵਿਅਕਤੀ ਦੀ ਮੌਕੇ ਉੱਤੇ ਹੀ ਮੌਤ ਹੋ ਗਈ ਜਦਕਿ ਦੂਜੇ ਵਿਅਕਤੀ ਦੀ ਮੌਤ ਦੀ ਪੁਸ਼ਟੀ ਬੁੱਧਵਾਰ ਸਵੇਰੇ ਕੀਤੀ ਗਈ।ਅੱਗ ਉੱਤੇ ਕਾਬੂ ਪਾਉਣ ਦੀ ਕੋਸ਼ਿਸ਼ ਵੀ ਕੀਤੀ ਜਾ ਰਹੀ ਹੈ।

## ਅੱਜ ਨਾਮਾ

ਜਿਹੜਿਆਂ ਲੋਕਾਂ ਨੇ ਕਦੀ ਆ ਭੁੱਖ ਵੇਖੀ,
ਉਹੀ ਇਹ ਜਾਣਦੇ ਹੁੰਦੀ ਕੀ ਭੁੱਖ ਮੀਆਂ।
ਤਰਲਾ ਰੋਟੀ ਲਈ ਕਿਸੇ ਕੋਲ ਮਾਰਦਾ ਤਾਂ,
ਸ਼ਰਮ ਨਾਲ ਅੰਦਰਲਾ ਮਰੇ ਮਨੁੱਖ ਮੀਆਂ।
ਅੰਦਰੋ-ਅੰਦਰ ਉਹ ਸੁੱਕਦਾ ਜਾਏ ਏਦਾਂ,
ਪਾਣੀ ਬਗੈਰ ਜਿਉਂ ਸੁੱਕਦਾ ਰੁੱਖ ਮੀਆਂ।
ਆਪਣੀ ਭੁੱਖ ਤਾਂ ਬੰਦਾ ਫਿਰ ਜਰ ਸਕਦਾ,
ਝੱਲਣਾ ਮੁਸ਼ਕਲ ਔਲਾਦ ਦਾ ਦੁੱਖ ਮੀਆਂ।
ਜਿਨ੍ਹਾਂ ਕਦੀ ਨਹੀਂ ਜੀਵਨ ਵਿੱਚ ਭੁੱਖ ਦੇਖੀ,
ਸਮਝਦੇ ਭੁੱਖ ਆ ਫਿਲਮ ਦਾ ਸੀਨ ਮੀਆਂ।
ਸੋਚਣਾ ਫਰਜ਼ ਬੇਦਰਦਾਂ ਨਾ ਜਿਹੜਿਆਂ ਨੇ,
ਮੱਝ ਮੂਹਰੇ ਵਜਾਉਣੀ ਕਿਉਂ ਬੀਨ ਮੀਆਂ।

**ਤੀਸ ਮਾਰ ਖਾਂ**

# ਦੋ ਗੱਡੀਆਂ ਦੀ ਟੱਕਰ ਵਿੱਚ ਗਰਭਵਤੀ ਮਹਿਲਾ ਬੁਰੀ ਤਰ੍ਹਾਂ ਜ਼ਖ਼ਮੀ

ਸਕਾਰਬਰੋ, 21 ਜੂਨ (ਪੋਸਟ ਬਿਊਰੋ) : ਬੁੱਧਵਾਰ ਰਾਤ ਨੂੰ ਸਕਾਰਬਰੋ ਵਿੱਚ ਦੋ ਕਾਰਾਂ ਦੀ ਟੱਕਰ ਵਿੱਚ ਇੱਕ ਗਰਭਵਤੀ ਔਰਤ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈ।

ਪੁਲਿਸ ਨੇ ਦੱਸਿਆ ਕਿ ਨੀਲਸਨ ਰੋਡ ਤੇ ਸ਼ੈਪਰਡ ਐਵਨਿਊ ਈਸਟ ਨੇੜੇ ਗ੍ਰੇਅਪੁਆਇੰਟ ਡਰਾਈਵ ਤੇ ਵਿੱਕਸਨ ਟਰੇਲ ਏਰੀਆ ਵਿੱਚ ਰਾਤੀਂ 8:00 ਵਜੇ ਇਹ ਹਾਦਸਾ ਵਾਪਰਿਆ। ਪੈਰਾਮੈਡਿਕਸ ਵੱਲੋਂ ਮਹਿਲਾ ਨੂੰ ਨਾਜ਼ੁਕ ਹਾਲਤ ਵਿੱਚ ਨੇੜਲੇ ਟਰੌਮਾ ਸੈਂਟਰ ਲਿਜਾਇਆ ਗਿਆ।



ਇੱਕ ਹੋਰ ਵਿਅਕਤੀ ਨੂੰ ਮਾਮੂਲੀ ਸੱਟਾਂ ਹੀ ਲੱਗੀਆਂ ਹਨ। ਪੁਲਿਸ ਨੇ ਦੱਸਿਆ ਕਿ ਨਸ਼ੇ ਦੀ ਹਾਲਤ ਵਿੱਚ ਗੱਡੀ ਚਲਾਉਣ ਵਾਲੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

# ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ



ਟੋਰਾਂਟੋ, 21 ਜੂਨ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਟੋਰਾਂਟੋ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਤੀਂ 10:45 ਦੇ ਨੇੜੇ ਤੇੜੇ ਗੇਰਾਰਡ ਸਟਰੀਟ ਈਸਟ ਤੇ ਪੈਮਬ੍ਰੋਕ ਸਟਰੀਟ ਏਰੀਆ ਵਿੱਚ ਸੱਦਿਆ ਗਿਆ। ਮੌਕੇ ਉੱਤੇ ਪੁਲਿਸ ਅਧਿਕਾਰੀਆਂ ਦੇ ਪਹੁੰਚਣ ਉੱਤੇ ਉਨ੍ਹਾਂ ਪਾਇਆ ਕਿ ਇੱਕ ਵਿਅਕਤੀ ਦੇ ਢਿੱਡ ਦੇ ਹੇਠਲੇ ਹਿੱਸੇ ਵਿੱਚ ਚਾਕੂ ਨਾਲ ਵਾਰ ਕੀਤਾ ਗਿਆ ਸੀ, ਜਿਸ ਕਾਰਨ ਉਹ ਬੁਰੀ ਤਰ੍ਹਾਂ ਜ਼ਖ਼ਮੀ ਸੀ। ਉਸ ਨੂੰ ਹਸਪਤਾਲ ਲਿਜਾਇਆ ਗਿਆ ਤੇ ਬਾਅਦ ਵਿੱਚ ਉਸ ਦੀ ਸਥਿਤੀ ਦਾ ਪਤਾ ਨਹੀਂ ਲੱਗ ਸਕਿਆ।

ਬਾਅਦ ਵਿੱਚ ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# 'ਕੈਰੀ ਆਨ ਜੱਟਾ-3' ਤੁਹਾਡਾ ਮਨੋਰੰਜਨ ਕਰਨ ਲਈ 29 ਜੂਨ ਤੋਂ ਹੋਵੇਗੀ ਸਿਨੇਮਾਘਰਾਂ ਵਿਚ

'ਕੈਰੀ ਆਨ ਜੱਟਾ 3' ਫ਼ਿਲਮ 29 ਜੂਨ ਨੂੰ ਰਿਲੀਜ਼ ਹੋਣ ਜਾ ਰਹੀ ਹੈ। ਫਿਲਮ ਦੀ ਸਾਰੀ ਟੀਮ ਇਸ ਦੀ ਪ੍ਰਮੋਸ਼ਨ ਕਰ ਰਹੀ ਹੈ। ਹਾਲ ਹੀ ਵਿਚ ਫਿਲਮ ਦਾ ਸ਼ਾਨਦਾਰ ਟਰੇਲਰ ਵੀ ਰਿਲੀਜ਼ ਹੋਇਆ ਸੀ। ਜਿਸ ਨੂੰ ਕਾਫੀ ਜ਼ਿਆਦਾ ਪਿਆਰ ਮਿਲ ਰਿਹਾ ਹੈ। ਇਸ ਟਰੇਲਰ ਨੂੰ ਹੁਣ ਤੱਕ ਯੂਟਿਊਬ 'ਤੇ 25 ਮਿਲੀਅਨ ਤੋਂ ਜ਼ਿਆਦਾ ਲੋਕ ਦੇਖ ਚੁੱਕੇ ਹਨ। ਕੁੱਲ ਮਿਲਾ ਕੇ ਫਿਲਮ ਨੂੰ ਲੈਕੇ ਦੇਸ਼ ਭਰ ਵਿੱਚ ਭਾਰੀ ਕਰੇਜ਼ ਹੈ। 'ਕੈਰੀ ਆਨ ਜੱਟਾ 3' 29 ਜੂਨ 2023 ਨੂੰ ਰਿਲੀਜ਼ ਹੋਣ ਲਈ ਤਿਆਰ ਹੈ। ਫਿਲਮ ਵਿਚ ਸੋਨਮ ਬਾਜਵਾ, ਗਿੱਪੀ ਗਰੇਵਾਲ, ਜਸਵਿੰਦਰ ਭੱਲਾ, ਗੁਰਪ੍ਰੀਤ ਘੁੱਗੀ, ਬਿਨੂੰ ਢਿੱਲੋਂ, ਕਵਿਤਾ ਕੌਸ਼ਿਕ, ਕਰਮਜੀਤ ਅਨਮੋਲ, ਨਰੇਸ਼ ਕਥੂਰੀਆ ਤੇ ਸ਼ਿੰਦਾ ਗਰੇਵਾਲ ਮੁੱਖ ਕਿਰਦਾਰਾਂ 'ਚ ਨਜ਼ਰ ਆ ਰਹੇ ਹਨ। ਫਿਲਮ ਨੂੰ ਸਮੀਪ ਕੰਗ ਨੇ ਡਾਇਰੈਕਟ ਕੀਤਾ।

ਦਰਸ਼ਕ ਇਸ ਫਿਲਮ ਦਾ ਬੇਸਵਰੀ ਨਾਲ ਇੰਤਜ਼ਾਰ ਕਰ ਰਹੇ ਹਨ। ਇਸ ਫ਼ਿਲਮ ਨੂੰ ਲੈਕੇ ਦਰਸ਼ਕ ਕਾਫੀ ਉਤਸੁਕ ਹਨ। ਇਸ ਤੋਂ ਇਲਾਵਾ ਫਿਲਮ ਦੀ ਪੂਰੀ ਟੀਮ ਹਾਲ ਹੀ ਵਿਚ ਕਪਿਲ ਸ਼ਰਮਾ ਦੇ ਸ਼ੋਅ ਵਿਚ ਵੀ ਨਜ਼ਰ ਆਈ ਸੀ।








# ਮੁੱਖ ਸਕੱਤਰ ਵੱਲੋਂ ਆਮ ਆਦਮੀ ਕਲੀਨਿਕਾਂ 'ਤੇ ਪੰਜ ਸਾਲ ਤੱਕ ਦੇ ਬੱਚਿਆਂ ਦੀ ਆਧਾਰ ਐਨਰੋਲਮੈਂਟ ਕਰਨ ਦੇ ਨਿਰਦੇਸ਼

*** ਪੰਜਾਬ ਆਧਾਰ ਐਨਰੋਲਮੈਂਟ ਵਿੱਚ ਪੰਜਵੇਂ ਸਥਾਨ 'ਤੇ : ਵਿਜੈ ਕੁਮਾਰ ਜੰਜੂਆ *ਮੁੱਖ ਸਕੱਤਰ ਦੀ ਅਗਵਾਈ ਵਾਲੀ ਯੂ.ਆਈ.ਡੀ. ਲਾਗੂਕਰਨ ਕਮੇਟੀ ਨੇ ਬੱਚਿਆਂ ਦੀ ਆਧਾਰ ਕਵਰੇਜ਼ ਕਰਨ 'ਤੇ ਦਿੱਤਾ ਜ਼ੋਰ**

ਚੰਡੀਗੜ੍ਹ, 21 ਜੂਨ (ਗਿਆਨ ਸਿੰਘ): ਪੰਜ ਸਾਲ ਤੱਕ ਦੇ ਬੱਚਿਆਂ ਦੀ ਆਧਾਰ ਕਵਰੇਜ਼ ਵਧਾਉਣ ਲਈ ਪੰਜਾਬ ਦੇ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਨੇ ਬੁੱਧਵਾਰ ਨੂੰ ਨਿਰਦੇਸ਼ ਦਿੱਤੇ ਕਿ ਸੂਬੇ ਵਿੱਚ ਆਮ ਆਦਮੀ ਕਲੀਨਿਕਾਂ ਵਿੱਚ ਵੀ ਇਨ੍ਹਾਂ ਬੱਚਿਆਂ ਦੇ ਆਧਾਰ ਕਾਰਡ ਦਰਜ ਕੀਤੇ ਜਾਣ। ਇਹ ਗੱਲ ਮੁੱਖ ਸਕੱਤਰ ਜੰਜੂਆ ਨੇ ਅੱਜ ਇਥੇ ਆਧਾਰ ਕਾਰਡ ਪ੍ਰਾਜੈਕਟ ਅਧੀਨ ਵੱਖ-ਵੱਖ ਗਤੀਵਿਧੀਆਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਸੱਦੀ ਯੂ.ਆਈ.ਡੀ. ਲਾਗੂਕਰਨ ਕਮੇਟੀ ਦੀ ਮੀਟਿੰਗ ਵਿੱਚ ਕਹੀ।

ਜੰਜੂਆ ਨੇ ਕਿਹਾ ਕਿ ਪੰਜਾਬ ਆਧਾਰ ਕਵਰੇਜ਼ ਵਿੱਚ ਭਾਰਤ ਵਿੱਚੋਂ ਪੰਜਵੇਂ ਸਥਾਨ 'ਤੇ ਹੈ। ਹੁਣ ਧਿਆਨ ਬੱਚਿਆਂ ਦੇ ਆਧਾਰ ਬਣਾਉਣ ਤੇ ਕੇਂਦਰਿਤ ਹੈ ਜਿੱਥੇ ਕਵਰੇਜ਼ ਮਹਿਜ਼ 44 ਫੀਸਦ ਹੈ। ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬਾ ਵਾਸੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ 580 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਜਿਨ੍ਹਾਂ ਵਿੱਚ ਵੱਡੀ ਗਿਣਤੀ ਲੋਕ ਆਪਣਾ ਇਲਾਜ ਕਰਵਾ ਰਹੇ ਹਨ। ਕਲੀਨਿਕ ਆਉਣ ਵਾਲੇ ਮਰੀਜ਼ਾਂ ਦੀ ਵੱਡੀ ਗਿਣਤੀ ਨੂੰ



ਦੇਖਦਿਆਂ ਹੁਣ ਬੱਚਿਆਂ ਦੀ ਆਧਾਰ ਐਨਰੋਲਮੈਂਟ ਵਧਾਉਣ ਲਈ ਇੱਥੇ ਵੀ ਆਧਾਰ ਦਰਜ ਕਰਵਾਉਣ ਦੀ ਸਹੂਲਤ ਦੇਣ ਦਾ ਫੈਸਲਾ ਕੀਤਾ ਹੈ। ਕਲੀਨਿਕ ਉਤੇ ਸਟਾਫ ਕੋਲ ਟੈਬਲੇਟ ਪਹਿਲਾਂ ਹੀ ਮੌਜੂਦ ਹਨ।

ਮੁੱਖ ਸਕੱਤਰ ਨੇ ਸਕੂਲ ਸਿੱਖਿਆ ਅਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਨੂੰ ਵੀ ਨਿਰਦੇਸ਼ ਦਿੱਤੇ ਕਿ ਆਂਗਣਵਾੜੀ ਅਤੇ ਸਕੂਲਾਂ ਵਿੱਚ ਆ ਰਹੇ ਬੱਚਿਆਂ ਦੇ ਆਧਾਰ ਬਣਾਉਣ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ।ਉਨ੍ਹਾਂ ਆਖਿਆ ਕਿ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਕਿ ਆਧਾਰ ਕਾਰਡ ਵਿੱਚ ਮੋਬਾਈਲ ਨੰਬਰ, ਘਰ ਦਾ ਪਤਾ ਆਦਿ ਅੱਪਡੇਟ ਕਰਿਆ ਜਾਵੇ।

ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਸਕੱਤਰ ਗੁਰਕੀਰਤ ਕ੍ਰਿਪਾਲ ਸਿੰਘ ਨੇ ਕਮੇਟੀ ਨੂੰ ਵਿਸਥਾਰ ਵਿੱਚ ਆਧਾਰ ਪ੍ਰਾਜੈਕਟ ਦੀ ਪੇਸ਼ਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਕੇਵਲ 5-7 ਅਤੇ 15-17 ਸਾਲ ਦੇ ਬੱਚਿਆਂ ਦੇ ਲਾਜ਼ਮੀ ਬਾਇਓਮੈਟ੍ਰਿਕ ਅੱਪਡੇਟ ਦੀ ਸੁਵਿਧਾ ਮੁਫਤ ਹੈ। ਇਸ ਲਈ ਰਜਿਸਟਰਾਰ ਯੂ.ਆਈ.ਡੀ. ਪੰਜਾਬ ਵੱਲੋਂ ਇਸ ਉਮਰ ਦੇ ਬੱਚਿਆਂ ਦੇ ਬਾਇਓਮੈਟ੍ਰਿਕ ਅੱਪਡੇਟ 100 ਫ਼ੀਸਦੀ ਕਰਵਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ

ਯੂ.ਆਈ.ਡੀ.ਏ.ਆਈ. ਖੇਤਰੀ ਦਫ਼ਤਰ ਚੰਡੀਗੜ੍ਹ ਦੀ ਡਿਪਟੀ ਡਾਇਰੈਕਟਰ ਜਨਰਲ ਭਾਵਨਾ ਗਰਗ ਨੇ ਦੱਸਿਆ ਕਿ ਬਾਲਗ ਆਬਾਦੀ ਪਹਿਲਾਂ ਹੀ ਆਧਾਰ ਵਿੱਚ ਕਵਰ ਕੀਤੀ ਹੋ ਚੁੱਕੀ ਹੈ। ਮੁੱਖ ਧਿਆਨ ਬੱਚਿਆਂ ਉਤੇ ਕੇਂਦਰਿਤ ਕਰਨ ਦੀ ਲੋੜ ਹੈ। ਉਨਾਂ ਦੱਸਿਆ ਕਿ 14 ਸਤੰਬਰ 2023 ਤੱਕ ਕੋਈ ਵੀ ਨਾਗਰਿਕ, ਜਿਸ ਨੇ ਪਿਛਲੇ ਦੱਸ ਸਾਲ ਦੌਰਾਨ ਆਪਣਾ ਆਧਾਰ ਕਦੇ ਅੱਪਡੇਟ ਨਹੀਂ ਕਰਵਾਇਆ, ਉਹ ਆਧਾਰ ਵਿੱਚ ਆਨਲਾਈਨ ਡਾਕੂਮੈਂਟ ਅਪਡੇਸ਼ਨ ਮੁਫਤ ਕਰ ਸਕਦਾ ਹੈ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਿੱਤ ਕਮਿਸ਼ਨਰ ਮਾਲ ਕੇ.ਏ.ਪੀ. ਸਿਨਹਾ, ਵਧੀਕ ਮੁੱਖ ਸਕੱਤਰ ਸਮਾਜਿਕ ਨਿਆਂ ਤੇ ਸਸ਼ਕਤੀਕਰਨ ਰਮੇਸ਼ ਕੁਮਾਰ ਗੰਟਾ, ਪ੍ਰਮੁੱਖ ਸਕੱਤਰ ਯੋਜਨਾ ਵਿਕਾਸ ਪ੍ਰਤਾਪ, ਸਕੱਤਰ ਸਥਾਨਕ ਸਰਕਾਰਾਂ ਅਜੋਏ ਸ਼ਰਮਾ, ਡਾਇਰੈਕਟਰ ਪ੍ਰਸ਼ਾਸਨਿਕ ਸੁਧਾਰ ਗਿਰੀਸ਼ ਦਿਆਲਨ ਤੇ ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ ਵਿਨੇ ਬੁਬਲਾਨੀ ਆਦਿ ਹਾਜ਼ਰ ਸਨ।

# ਰੂਸ ਵਿਚ ਬਾਰੂਦ ਬਣਾਉਣ ਵਾਲੀ ਫੈਕਟਰੀ ਵਿਚ ਹੋਇਆ ਧਮਾਕਾ, 4 ਮੌਤਾਂ, ਕਈ ਜ਼ਖਮੀ

ਮਾਸਕੋ, 21 ਜੂਨ (ਪੋਸਟ ਬਿਊਰੋ): ਰੂਸ 'ਚ ਬਾਰੂਦ ਬਣਾਉਣ ਵਾਲੀ ਫੈਕਟਰੀ 'ਚ ਹੋਏ ਧਮਾਕੇ 'ਚ ਚਾਰ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਜਾਣਕਾਰੀ ਅਨੁਸਾਰ ਇਸ ਘਟਨਾ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 12 ਜ਼ਖਮੀ ਹੋ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਮਾਸਕੋ ਦੇ ਦੱਖਣ-ਪੂਰਬ ਵਿੱਚ ਟੈਂਬੋਵ ਖੇਤਰ ਵਿੱਚ ਸਥਿਤ ਇੱਕ ਅਸਲਾ ਫੈਕਟਰੀ ਦੁਆਰਾ



ਵਿਸਫੋਟ ਬਾਰੇ ਇੱਕ ਬਿਆਨ ਜਾਰੀ ਕੀਤਾ ਗਿਆ ਸੀ। ਜਿਸ ਵਿੱਚ ਕਿਹਾ ਗਿਆ ਸੀ ਕਿ ਫੈਕਟਰੀ ਵਿੱਚ ਮਜ਼ਦੂਰ ਕੰਮ ਕਰਦੇ ਸਨ। ਉਸੇ ਸਮੇਂ ਇਹ ਧਮਾਕਾ ਹੋ ਗਿਆ। ਟੈਂਬੋਵ ਅਸਲਾ ਫੈਕਟਰੀ ਨੇ ਰੂਸੀ ਨਿਊਜ਼ ਏਜੰਸੀਆਂ ਦੁਆਰਾ ਜਾਰੀ ਬਿਆਨ ਵਿੱਚ ਕਿਹਾ ਕਿ ਮਰਨ ਵਾਲਿਆਂ ਵਿੱਚ ਜ਼ਿਆਦਾਤਰ ਠੇਕੇਦਾਰ ਦੇ ਮੁਲਾਜ਼ਮ ਹਨ।ਟੈਂਬੋਵ ਦੇ ਗਵਰਨਰ ਮੈਕਸਿਮ ਯੇਗੋਰੋਵ ਨੇ ਅੱਤਵਾਦੀ ਹਮਲੇ ਤੋਂ ਇਨਕਾਰ ਕੀਤਾ ਹੈ। ਵੱਡੇ ਅਪਰਾਧਾਂ ਦੀ ਜਾਂਚ ਕਰਨ ਵਾਲੀ ਜਾਂਚ ਕਮੇਟੀ ਨੇ ਕਿਹਾ ਕਿ ਉਸ ਨੇ ਸੁਰੱਖਿਆ ਨਿਯਮਾਂ ਦੀ ਉਲੰਘਣਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।


## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1: reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**


# ਆਸ਼ਮਾ ਇੰਟਰਨੈਸ਼ਨਲ ਸਕੂਲ ਵਿਚ ਯੋਗਾ ਨੂੰ ਸਮਰਪਿਤ ਯੋਗਾ ਸਪਤਾਹ ਮਨਾਇਆ ਗਿਆ, ਛੋਟੇ ਛੋਟੇ ਬੱਚਿਆਂ ਨੇ ਯੋਗਾ ਦੇ ਸਿੱਖੇ ਗੁਣ

ਮੋਹਾਲੀ, 21 ਜੂਨ (ਪੋਸਟ ਬਿਊਰੋ): ਆਸ਼ਮਾ ਇੰਟਰਨੈਸ਼ਨਲ ਸਕੂਲ, ਸੈਕਟਰ 70 ਵਿਚ ਸਮੁੱਚੇ ਵਿਸ਼ਵ ਵਿਚ ਭਾਰਤ ਦੀ ਸ਼ਾਨ ਯੋਗਾ ਨੂੰ ਸਮਰਪਿਤ ਯੋਗਾ ਸਪਤਾਹ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਯੋਗਾ ਦੇ ਗੁਰੂਆਂ ਦੀ ਦੇਖ ਰੇਖ ਵਿਚ ਯੋਗਾ ਕਰਨ ਦੇ ਵੱਖ ਵੱਖ ਆਸਣ ਸਿੱਖਦੇ ਹੋਏ ਉਨ੍ਹਾਂ ਦੇ ਫ਼ਾਇਦੇ ਸਿੱਖੇ। ਇਸ ਦੌਰਾਨ ਛੋਟੇ ਛੋਟੇ ਵਿਦਿਆਰਥੀਆ ਨੇ ਆਪਣੀ ਸਰੀਰਕ ਲਚਕਤਾ ਦਾ ਬਿਹਤਰੀਨ ਪ੍ਰਦਰਸ਼ਨ ਕਰਦੇ ਹੋਏ ਥੋੜੇ ਜਿਹੇ ਸਮੇਂ ਵਿਚ ਹੀ ਯੋਗਾ ਦੇ ਕਈ ਆਸਣ ਸਿੱਖ ਲਏ। ਇਸ ਦੇ ਇਲਾਵਾ ਇਨ੍ਹਾਂ ਆਸਣਾਂ ਦੇ ਫ਼ਾਇਦਿਆਂ ਨੂੰ ਸਮਝਦੇ ਹੋਏ ਵਿਦਿਆਰਥੀਆਂ ਨੇ ਵਾਪਸ ਆਪਣੇ ਘਰਾਂ ਵਿਚ ਜਾ ਕੇ ਆਪਣੇ ਮਾਪਿਆਂ ਨੂੰ ਵੀ ਇਹ ਗੁਣ ਸਮਝਾਉਣ ਦਾ ਪ੍ਰਣ ਲਿਆ ।

ਇਸ ਹਫ਼ਤਾਵਾਰੀ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡਾਇਰੈਕਟਰ ਜੇ ਐੱਸ ਕੇਸਰ ਨੇ ਦੱਸਿਆਂ ਕਿ ਬੇਸ਼ੱਕ ਦੁਨੀਆਂ ਭਰ ਦੇ ਲੋਕ ਯੋਗ ਦੇ ਆਸਣਾਂ ਦਾ ਫ਼ਾਇਦਾ ਚੁੱਕ ਰਹੇ ਹਨ ਪਰ ਭਾਰਤ ਵਿਚ ਤੰਦਰੁਸਤੀ ਦੇ ਇਸ ਖ਼ਜ਼ਾਨੇ ਦੀ ਫ਼ਾਇਦਾ ਚੁੱਕਣ ਵਿਚ ਅਸੀਂ ਨਾਕਾਮ ਹੋ ਰਹੇ ਹਾਂ । ਉਨ੍ਹਾਂ ਅੱਗੇ ਕਿਹਾ ਕਿ ਅੰਤਰ ਰਾਸ਼ਟਰੀ ਯੋਗਾ ਦਿਵਸ ਮੌਕੇ





ਵਿਦਿਆਰਥੀ ਆਪਣੀ ਇਸ ਸਿੱਖੀ ਹੋਈ ਕਲਾ ਨੂੰ ਅੱਗੇ ਲਿਜਾਉਂਦੇ ਹੋਏ ਰੋਜ਼ਾਨਾ ਸਕੂਲ ਅਤੇ ਘਰ ਵਿਚ ਯੋਗਾ ਕਰਦੇ ਹੋਏ ਇਕ ਨਿਰੋਗ ਜ਼ਿੰਦਗੀ ਦੇ ਰਾਹ ਤੇ ਚੱਲਣ । ਅਖੀਰ 'ਚ ਯੋਗਾ ਵਿਚ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੇ ਪੰਜ ਵਿਦਿਆਰਥੀਆਂ ਨੂੰ ਮੈਨੇਜਮੈਂਟ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

# ਵਿਜੀਲੈਂਸ ਨੇ ਮਜ਼ਦੂਰ ਤੋਂ ਰਿਸ਼ਵਤ ਲੈਂਦਾ ਏ.ਐੱਸ.ਆਈ. ਕੀਤਾ ਕਾਬੂ

**25 ਹਜ਼ਾਰ ਰੁਪਏ ਰਿਸ਼ਵਤ ਪਹਿਲਾਂ ਹੀ ਲੈ ਚੁੱਕਾ ਸੀ ਏ.ਐੱਸ.ਆਈ.**

ਚੰਡੀਗੜ੍ਹ, 21 ਜੂਨ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਅੱਜ ਥਾਣਾ ਮੇਹਰਬਾਨ (ਲੁਧਿਆਣਾ) ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਅਰੁਣ ਕੁਮਾਰ ਨੂੰ ਇੱਕ ਮਜ਼ਦੂਰ ਤੋਂ 6,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ. ਨੂੰ ਮਜ਼ਦੂਰ (ਪੱਲੇਦਾਰ) ਕਿਰਪਾ ਸ਼ੰਕਰ ਵਾਸੀ ਪੰਜਾਬੀ ਬਾਗ, ਲੁਧਿਆਣਾ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪੁਲਿਸ ਮੁਲਾਜ਼ਮ ਪਿਛਲੇ ਕੁਝ ਮਹੀਨਿਆਂ ਤੋਂ ਉਸ ਨੂੰ ਵਾਰ-ਵਾਰ ਰਿਸ਼ਵਤ ਦੀ ਮੰਗ ਕਰਕੇ ਪ੍ਰੇਸ਼ਾਨ ਕਰ ਰਿਹਾ ਹੈ। ਉਸ ਨੇ ਦੱਸਿਆ ਕਿ ਉਕਤ ਏ.ਐਸ.ਆਈ. ਉਸ (ਸ਼ਿਕਾਇਤਕਰਤਾ) ਖ਼ਿਲਾਫ਼ ਥਾਣਾ ਮੇਹਰਬਾਨ ਵਿਖੇ ਆਈ.ਪੀ.ਸੀ. ਦੀਆਂ ਧਾਰਾਵਾਂ 365,323/34 ਤਹਿਤ ਦਰਜ ਐਫ.ਆਈ.ਆਰ. ਨੰ. 163/2020 ਵਿੱਚ ਉਸ ਦੀ ਜ਼ਮਾਨਤ ਰੱਦ ਕਰਵਾਉਣ ਦੀਆਂ ਧਮਕੀਆਂ ਦੇ ਕੇ ਉਸ ਕੋਲੋਂ ਕਿਸ਼ਤਾਂ ਵਿੱਚ ਰਿਸ਼ਵਤ ਵਜੋਂ 25,000 ਰੁਪਏ ਪਹਿਲਾਂ ਹੀ ਲੈ ਚੁੱਕਾ ਹੈ। ਏ.ਐਸ.ਆਈ. ਅਰੁਣ ਕੁਮਾਰ ਇਸ ਕੇਸ ਦਾ ਤਫਤੀਸ਼ ਅਫ਼ਸਰ ਸੀ। ਸ਼ਿਕਾਇਤਕਰਤਾ ਨੂੰ ਉਕਤ ਕੇਸ ਵਿੱਚ 09/02/2021 ਨੂੰ ਅਗਾਊਂ ਜ਼ਮਾਨਤ ਮਿਲ ਗਈ ਸੀ।

ਬੁਲਾਰੇ ਨੇ ਦੱਸਿਆ ਕਿ ਏ.ਐਸ.ਆਈ ਨੇ 19 ਜੂਨ 2023 ਨੂੰ ਇਸ ਮਜ਼ਦੂਰ ਕੋਲੋਂ 1500 ਰੁਪਏ ਰਿਸ਼ਵਤ ਲਈ ਸੀ ਅਤੇ ਉਹ 10,000 ਰੁਪਏ ਹੋਰ ਮੰਗ ਰਿਹਾ ਸੀ ਪਰ ਸ਼ਿਕਾਇਤਕਰਤਾ ਦੇ ਵਾਰ-ਵਾਰ ਬੇਨਤੀ ਕਰਨ 'ਤੇ ਉਹ 8000 ਰੁਪਏ ਲੈਣ ਲਈ ਰਾਜ਼ੀ ਹੋ ਗਿਆ ਅਤੇ ਉਕਤ ਰਕਮ ਵਿੱਚੋਂ ਮੁਲਜ਼ਮ ਏ.ਐਸ.ਆਈ. 20 ਜੂਨ, 2023 ਨੂੰ 2000 ਰੁਪਏ ਲੈ ਚੁੱਕਾ ਹੈ ਅਤੇ ਹੁਣ ਉਹ ਬਾਕੀ 6000 ਰੁਪਏ ਦੀ ਮੰਗ ਕਰ ਰਿਹਾ ਸੀ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਰੇਂਜ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਪੁਲਿਸ ਮੁਲਾਜ਼ਮ ਨੂੰ ਕੋਰਟ ਕੰਪਲੈਕਸ, ਲੁਧਿਆਣਾ ਨੇੜਿਓਂ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 6,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਏ.ਐਸ.ਆਈ. ਖ਼ਿਲਾਫ਼ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਅਮਰੂਦ ਬਾਗ਼ ਮੁਆਵਜ਼ਾ ਘੁਟਾਲਾ: ਵਿਜੀਲੈਂਸ ਵੱਲੋਂ ਖਰੜ ਦੀ ਬਾਗ਼ਬਾਨੀ ਵਿਕਾਸ ਅਧਿਕਾਰੀ ਵੈਸ਼ਾਲੀ ਗ੍ਰਿਫ਼ਤਾਰ

**ਬਹੁ-ਕਰੋੜੀ ਘੁਟਾਲੇ ਵਿੱਚ 17ਵੀਂ ਗ੍ਰਿਫ਼ਤਾਰੀ**




ਚੰਡੀਗੜ੍ਹ, 21 ਜੂਨ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਅਮਰੂਦਾਂ ਦੇ ਬਾਗਾਂ ਦੇ ਮੁਆਵਜ਼ੇ ਵਿੱਚ ਹੋਏ ਘੁਟਾਲੇ ਸਬੰਧੀ ਅੱਜ ਬਾਗ਼ਬਾਨੀ ਵਿਕਾਸ ਅਫ਼ਸਰ (ਐਚ.ਡੀ.ਓ.), ਖਰੜ ਵੈਸ਼ਾਲੀ ਨੂੰ ਗ੍ਰਿਫ਼ਤਾਰ ਕੀਤਾ ਹੈ। ਜ਼ਿਕਰਯੋਗ ਹੈ ਕਿ ਇਸ ਬਹੁ-ਕਰੋੜੀ ਘੁਟਾਲੇ ਵਿੱਚ ਵਿਜੀਲੈਂਸ ਵੱਲੋਂ ਅੱਜ ਇਹ 17ਵੀਂ ਗ੍ਰਿਫ਼ਤਾਰੀ ਕੀਤੀ ਗਈ ਹੈ।

ਇਹ ਜਾਣਕਾਰੀ ਸਾਂਝੀ ਕਰਦਿਆਂ ਅੱਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਗ੍ਰੇਟਰ ਮੋਹਾਲੀ ਏਰੀਆ ਡਿਵੈੱਲਪਮੈਂਟ ਅਥਾਰਟੀ (ਗਮਾਡਾ) ਵੱਲੋਂ ਏਅਰਪੋਰਟ ਰੋਡ, ਐਸ.ਏ.ਐਸ ਨਗਰ (ਮੋਹਾਲੀ) ਦੇ ਨੇੜੇ ਐਰੋਟ੍ਰੋਪੋਲਿਸ ਪ੍ਰਾਜੈਕਟ ਲਈ ਜ਼ਮੀਨ ਐਕੁਆਇਰ ਕੀਤੀ ਗਈ ਸੀ। ਇਸ ਪ੍ਰਾਜੈਕਟ ਲਈ ਗ੍ਰਹਿਣ ਕੀਤੀ ਜ਼ਮੀਨ ਦਾ ਮੁਆਵਜ਼ਾ ਗਮਾਡਾ ਦੀ ਲੈਂਡ ਪੂਲਿੰਗ ਨੀਤੀ ਅਨੁਸਾਰ ਦਿੱਤਾ ਜਾਣਾ ਸੀ।

ਉਨ੍ਹਾਂ ਕਿਹਾ ਕਿ ਉਕਤ ਜ਼ਮੀਨ ਵਿੱਚ ਲੱਗੇ ਫਲਾਂ/ਅਮਰੂਦ ਦੇ ਦਰੱਖਤਾਂ ਦੀ ਕੀਮਤ ਜ਼ਮੀਨ ਦੀ ਕੀਮਤ ਤੋਂ ਵੱਖਰੇ ਤੌਰ ਉਤੇ ਅਦਾ ਕੀਤੀ ਜਾਣੀ ਸੀ ਅਤੇ ਫਲਦਾਰ ਰੁੱਖਾਂ ਦੀ ਕੀਮਤ ਬਾਗ਼ਬਾਨੀ ਵਿਭਾਗ ਵੱਲੋਂ ਨਿਰਧਾਰਤ ਕੀਤੀ ਜਾਣੀ ਸੀ। ਇਸ ਤੋਂ ਬਾਅਦ ਜ਼ਮੀਨ ਗ੍ਰਹਿਣ ਕੁਲੈਕਟਰ (ਐਲ.ਏ.ਸੀ.), ਗਮਾਡਾ ਨੇ ਫ਼ਲਦਾਰ ਰੁੱਖਾਂ ਵਾਲੀ ਜ਼ਮੀਨ ਦੀ ਇੱਕ ਸਰਵੇਖਣ ਸੂਚੀ ਡਾਇਰੈਕਟਰ ਬਾਗ਼ਬਾਨੀ ਨੂੰ ਭੇਜ ਕੇ ਦਰੱਖਤਾਂ ਦੀ ਮੁਲਾਂਕਣ ਰਿਪੋਰਟ ਤਿਆਰ ਕਰਨ ਦੀ ਬੇਨਤੀ ਕੀਤੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਸਭ ਤੋਂ ਪਹਿਲਾਂ 'ਪਾਕੇਟ ਏ' (ਪਿੰਡ ਬਾਕਰਪੁਰ) ਦੇ ਮੁਲਾਂਕਣ ਦਾ ਕੰਮ ਡਿਪਟੀ ਡਾਇਰੈਕਟਰ, ਮੋਹਾਲੀ ਵੱਲੋਂ ਜਸਪ੍ਰੀਤ ਸਿੰਘ ਸਿੱਧੂ, ਐਚ.ਡੀ.ਓ. ਡੇਰਾਬੱਸੀ ਨੂੰ ਸੌਂਪਿਆ ਗਿਆ ਜਦੋਂਕਿ ਇਹ ਖੇਤਰ ਐਚ.ਡੀ.ਓ. ਖਰੜ ਵੈਸ਼ਾਲੀ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਸੀ। ਜਸਪ੍ਰੀਤ ਸਿੱਧੂ ਨੇ ਆਪਣੀ ਰਿਪੋਰਟ ਵਿੱਚ ਸ਼੍ਰੇਣੀ 1 ਅਤੇ 2 ਦੇ 2500 ਪੌਦੇ ਪ੍ਰਤੀ ਏਕੜ ਦੇ ਹਿਸਾਬ ਨਾਲ ਦਿਖਾਏ। ਇਸ ਅਨੁਸਾਰ ਅਦਾਇਗੀਆਂ ਜਾਰੀ ਕਰਨ ਲਈ ਇਹ ਰਿਪੋਰਟ ਅੱਗੇ ਐਲ.ਏ.ਸੀ., ਗਮਾਡਾ ਨੂੰ ਭੇਜੀ ਗਈ।

ਇਸ ਬਾਅਦ ਜ਼ਮੀਨ ਦੇ ਕੁਝ ਮਾਲਕਾਂ ਨੇ ਅਰਜ਼ੀਆਂ ਦਾਇਰ ਕੀਤੀਆਂ ਕਿ ਉਨ੍ਹਾਂ ਦੇ ਪੌਦਿਆਂ ਦਾ ਸਹੀ ਮੁਲਾਂਕਣ ਨਹੀਂ ਕੀਤਾ ਗਿਆ ਅਤੇ ਉਨ੍ਹਾਂ ਨੇ ਵੱਧ ਮੁਆਵਜ਼ੇ ਦਾ ਦਾਅਵਾ ਕੀਤਾ। ਇਨ੍ਹਾਂ ਅਰਜ਼ੀਆਂ ਦੇ ਆਧਾਰ 'ਤੇ ਡਾਇਰੈਕਟਰ ਬਾਗ਼ਬਾਨੀ ਨੇ ਇਸ ਰਿਪੋਰਟ ਦੀ ਤਸਦੀਕ ਲਈ ਸੂਬਾ ਪੱਧਰੀ ਕਮੇਟੀ ਦਾ ਗਠਨ ਕੀਤਾ, ਜਿਸ ਵਿੱਚ ਦੋ ਸਹਾਇਕ ਡਾਇਰੈਕਟਰ ਅਤੇ ਦੋ ਐਚ.ਡੀ.ਓ. ਨੂੰ ਸ਼ਾਮਲ ਕੀਤਾ ਗਿਆ। ਇਸ ਕਮੇਟੀ ਨੇ ਪੌਦਿਆਂ ਦੀ ਸਥਿਤੀ ਅਤੇ ਝਾੜ ਦੇ ਹਿਸਾਬ ਨਾਲ ਮੁੜ ਮੁਲਾਂਕਣ ਕਰਨ ਦਾ ਸੁਝਾਅ ਦਿੱਤਾ। ਇਸ ਤੋਂ ਬਾਅਦ, 'ਪਾਕੇਟ ਏ' ਦੇ ਮੁਲਾਂਕਣ ਦਾ ਕੰਮ ਐਚ.ਡੀ.ਓ. ਖਰੜ ਵੈਸ਼ਾਲੀ ਨੂੰ ਦਿੱਤਾ ਗਿਆ, ਜਿਨ੍ਹਾਂ ਨੇ ਆਪਣੀ ਰਿਪੋਰਟ ਪੇਸ਼ ਕੀਤੀ, ਜੋ ਲਗਭਗ ਪਹਿਲੀ ਰਿਪੋਰਟ ਨਾਲ ਹੀ ਮਿਲਦੀ ਜੁਲਦੀ ਸੀ, ਜਿਸ ਵਿੱਚ ਜ਼ਿਆਦਾਤਰ ਪੌਦਿਆਂ ਨੂੰ ਫਲ ਦੇਣ ਲਈ ਤਿਆਰ (4-5 ਸਾਲ ਦੀ ਉਮਰ) ਹੋਣ ਦੇ ਰੂਪ ਵਿੱਚ ਦਿਖਾਇਆ ਗਿਆ ਤਾਂ ਜੋ ਲਾਭਪਾਤਰੀਆਂ ਨੂੰ ਵੱਧ ਤੋਂ ਵੱਧ ਮੁਆਵਜ਼ਾ ਦਿੱਤਾ ਜਾ ਸਕੇ।

ਵੈਸ਼ਾਲੀ ਦੀ ਰਿਪੋਰਟ ਦੇ ਆਧਾਰ 'ਤੇ ਤਕਰੀਬਨ 145 ਕਰੋੜ ਰੁਪਏ ਮੁਆਵਜ਼ਾ ਜਾਰੀ ਕੀਤਾ ਗਿਆ। ਬੁਲਾਰੇ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਐਫ.ਆਈ.ਆਰ. ਦਰਜ ਹੋਣ ਬਾਅਦ ਵੈਸ਼ਾਲੀ ਫਰਾਰ ਹੋ ਗਈ ਅਤੇ ਸੈਸ਼ਨ ਕੋਰਟ, ਮੋਹਾਲੀ ਦੁਆਰਾ ਉਸ ਦੀ ਅਗਾਊਂ ਜ਼ਮਾਨਤ ਖ਼ਾਰਜ ਕਰ ਦਿੱਤੀ ਗਈ ਸੀ। ਇਸ ਤੋਂ ਇਲਾਵਾ ਉਸ ਦੀ ਜ਼ਮਾਨਤ ਪਟੀਸ਼ਨ ਹਾਈ ਕੋਰਟ ਵਿੱਚ ਪੈਂਡਿੰਗ ਸੀ ਅਤੇ ਉਸ ਵਿੱਚ ਵੀ ਉਸ ਨੂੰ ਕੋਈ ਅੰਤਰਿਮ ਰਾਹਤ ਨਹੀਂ ਮਿਲੀ।

ਬੁਲਾਰੇ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਬਾਗ਼ਬਾਨੀ ਵਿਭਾਗ ਦੇ ਹੋਰ ਅਧਿਕਾਰੀਆਂ ਦੀ ਭੂਮਿਕਾ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਵੀਨੀਕਰਨ ਤੋਂ ਬਾਅਦ ਜ਼ਿਲ੍ਹਾ ਲਾਇਬ੍ਰੇਰੀ ਸੰਗਰੂਰ ਵਾਸੀਆਂ ਨੂੰ ਸਮਰਪਿਤ

* ਸੰਗਰੂਰ ਜ਼ਿਲ੍ਹੇ ਵਿੱਚ 28 ਹੋਰ ਲਾਇਬ੍ਰੇਰੀਆਂ ਬਣਨਗੀਆਂ
*ਗਿਆਨ ਦੇ ਪਸਾਰ ਲਈ ਇਹ ਲਾਇਬ੍ਰੇਰੀ ਮਾਡਲ, ਸੂਬੇ ਭਰ ਵਿੱਚ ਲਾਗੂ ਕੀਤਾ ਜਾਵੇਗਾ



ਸੰਗਰੂਰ, 21 ਜੂਨ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਗਿਆਨ ਦੇ ਪਸਾਰ ਲਈ ਨਵੀਨੀਕਰਨ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਜ਼ਿਲ੍ਹਾ ਲਾਇਬ੍ਰੇਰੀ ਸੰਗਰੂਰ ਦੇ ਲੋਕਾਂ ਨੂੰ ਸਮਰਪਿਤ ਕੀਤੀ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੰਪਿਊਟਰ ਸੈਕਸ਼ਨ, ਏਅਰ ਕੰਡੀਸ਼ਨਿੰਗ, ਆਰ.ਓ. ਵਾਟਰ ਸਪਲਾਈ ਤੇ ਆਧੁਨਿਕ ਲੈਂਡ ਸਕੇਪਿੰਗ ਸਣੇ ਇਸ ਲਾਇਬ੍ਰੇਰੀ ਵਿੱਚ ਤਕਰੀਬਨ 250 ਵਿਦਿਆਰਥੀਆਂ ਦੇ ਬੈਠਣ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਸਹੂਲਤਾਂ ਵਾਲੀ ਇਸ ਲਾਇਬ੍ਰੇਰੀ ਨੂੰ 1.12 ਕਰੋੜ ਰੁਪਏ ਦੀ ਲਾਗਤ ਨਾਲ ਇਕ ਆਦਰਸ਼ ਲਾਇਬ੍ਰੇਰੀ ਵਜੋਂ ਸਥਾਪਤ ਕੀਤਾ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਅਜਿਹੀਆਂ 28 ਹੋਰ ਲਾਇਬ੍ਰੇਰੀਆਂ ਇਕੱਲੇ ਸੰਗਰੂਰ ਜ਼ਿਲ੍ਹੇ ਵਿੱਚ ਬਣਾਈਆਂ ਜਾਣਗੀਆਂ ਤਾਂ ਜੋ ਜ਼ਿਲ੍ਹੇ ਵਿੱਚ ਗਿਆਨ ਦੇ ਪਸਾਰ ਦਾ ਲੋਕ ਲਹਿਰ ਵਿੱਚ ਵਟਣਾ ਯਕੀਨੀ ਬਣਾਇਆ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਨੂੰ ਲਾਭ ਦੇਣ ਲਈ ਸੂਬੇ ਭਰ ਦੀਆਂ ਲਾਇਬ੍ਰੇਰੀ ਦਾ ਇਸੇ ਤਰਜ਼ ਉਤੇ ਨਵੀਨੀਕਰਨ ਕੀਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਈ.ਏ.ਐਸ., ਪੀ.ਸੀ.ਐਸ. ਸਣੇ ਹੋਰ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਦੀ ਮੁਫ਼ਤ ਕੋਚਿੰਗ ਦੇਣ ਲਈ ਪੰਜਾਬ ਭਰ ਵਿੱਚ ਅੱਠ ਕੋਚਿੰਗ ਸੈਂਟਰ ਖੋਲ੍ਹੇ ਜਾਣਗੇ। ਉਨ੍ਹਾਂ ਉਮੀਦ ਜਤਾਈ ਕਿ ਇਹ ਸੈਂਟਰ ਯਕੀਨੀ ਬਣਾਉਣਗੇ ਕਿ ਪੰਜਾਬੀ ਵਿਦਿਆਰਥੀ ਇਨ੍ਹਾਂ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਵਿੱਚ ਪਾਸ ਕੇ ਹੋ ਕੇ ਪੂਰੇ ਉਤਸ਼ਾਹ ਨਾਲ ਦੇਸ਼ ਦੀ ਸੇਵਾ ਕਰਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਆਪਣੇ ਸ਼ਾਸਨਕਾਲ ਦੇ ਇਕ ਸਾਲ ਦੇ ਅੰਦਰ ਸੂਬੇ ਦੇ ਨੌਜਵਾਨਾਂ ਨੂੰ 30,000 ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਹੋਰ ਭਰਤੀ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ ਦੇ ਕਾਰਜ ਨੂੰ ਪੜਾਅਵਾਰ ਢੰਗ ਨਾਲ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਮੁੱਚੀ ਭਰਤੀ ਪਾਰਦਰਸ਼ੀ ਅਤੇ ਮੈਰਿਟ ਦੇ ਆਧਾਰ ਉਤੇ ਕੀਤੀ ਗਈ ਹੈ। ਭਗਵੰਤ ਮਾਨ ਨੇ ਕਿਹਾ ਕਿ ਸਮੁੱਚੀ ਭਰਤੀ ਪ੍ਰਕਿਰਿਆ ਦੌਰਾਨ ਢੁਕਵੀਂ ਵਿਧੀ ਅਪਣਾਈ ਗਈ, ਜਿਸ ਸਦਕਾ ਅਜੇ ਤੱਕ 30,000 ਨੌਕਰੀਆਂ ਵਿੱਚੋਂ ਇਕ ਵੀ ਨੌਕਰੀ ਨੂੰ ਅਦਾਲਤ ਵਿਚ ਚੁਣੌਤੀ ਨਹੀਂ ਮਿਲੀ।

ਪਿਛਲੀਆਂ ਸਰਕਾਰਾਂ ਦੀ ਸਖ਼ਤ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬੀਤੇ ਸਮੇਂ ਵਿਚ ਰਹੀਆਂ ਸਰਕਾਰਾਂ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਸਨ ਅਤੇ ਬਾਕੀ ਨੇਤਾਵਾਂ ਨਾਲ ਮਿਲ ਕੇ ਸਾਬਕਾ ਮੰਤਰੀਆਂ ਨੇ ਲੋਕਾਂ ਦਾ ਪੈਸਾ ਲੁੱਟਿਆ। ਇਸ ਦੀ ਮਿਸਾਲ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਹੁਸ਼ਿਆਰਪੁਰ ਨਾਲ ਸਬੰਧਤ ਇਕ ਸਾਬਕਾ ਮੰਤਰੀ ਦੇ ਘਰੋਂ ਨੋਟ ਗਿਣਨ ਵਾਲੀਆਂ ਦੋ ਮਸ਼ੀਨਾਂ ਬਰਾਮਦ ਹੋਈਆਂ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਇਨ੍ਹਾਂ ਲੋਕਾਂ ਨੇ ਅਹੁਦੇ ਦੀ ਦੁਰਵਰਤੋਂ ਕਰਕੇ ਗੈਰ-ਕਾਨੂੰਨੀ ਢੰਗ ਨਾਲ ਕਿਸ ਤਰ੍ਹਾਂ ਪੈਸਾ ਕਮਾਇਆ ਸੀ। ਭਗਵੰਤ ਮਾਨ ਨੇ ਪ੍ਰਣ ਕਰਦਿਆਂ ਕਿਹਾ ਕਿ ਪੰਜਾਬ ਤੇ ਪੰਜਾਬੀਆਂ ਵਿਰੁੱਧ ਧ੍ਰੋਹ ਕਮਾਉਣ ਵਾਲਿਆਂ ਖਿਲਾਫ਼ ਕਾਰਵਾਈ ਕਰਕੇ ਜੁਆਬਦੇਹੀ ਤੈਅ ਕੀਤੀ ਜਾਵੇਗੀ।

ਲੋਕਾਂ ਨੂੰ ਭ੍ਰਿਸ਼ਟਾਚਾਰ ਖਿਲਾਫ਼ ਜੰਗ ਵਿੱਢਣ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲੇ ਦਿਨ ਤੋਂ ਐਂਟੀ ਕੁਰੱਪਸ਼ਨ ਐਕਸ਼ਨ ਲਾਈਨ ਦੀ ਸ਼ੁਰੂਆਤ ਕਰਕੇ ਭ੍ਰਿਸ਼ਟਾਚਾਰ ਦੇ ਖਿਲਾਫ਼ ਬਿਗਲ ਵਜਾ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਨੂੰ ਗੋਆ ਵਿਚ ਪੰਜਾਬ ਦੀ ਤਕਰੀਬਨ 9 ਏਕੜ ਜ਼ਮੀਨ ਦਾ ਪਤਾ ਲੱਗਾ ਹੈ ਜੋ ਪਿਛਲੀ ਸਰਕਾਰ ਦੇ ਸਮੇਂ ਮਾਮੂਲੀ ਕੀਮਤ ਉਤੇ ਲੀਜ਼ ਉਤੇ ਦੇ ਦਿੱਤੀ ਗਈ ਸੀ। ਭਗਵੰਤ ਮਾਨ ਨੇ ਕਿਹਾ ਕਿ ਇਹ ਜ਼ਮੀਨ ਛੇਤੀ ਹੀ ਖਾਲੀ ਹੋ ਜਾਵੇਗੀ ਅਤੇ ਇਸ ਵਿਚ ਸ਼ਾਮਲ ਕਿਸੇ ਵੀ ਲੀਡਰ ਨੂੰ ਬਖਸ਼ਿਆ ਨਹੀਂ ਜਾਵੇਗਾ।

ਵੋਟਰਾਂ ਦਾ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਲਈ ਉਹ ਪੰਜਾਬ ਦੇ ਲੋਕਾਂ ਖਾਸ ਕਰਕੇ ਸੰਗਰੂਰ ਦੇ ਲੋਕਾਂ ਦੇ ਰਿਣੀ ਹਨ ਅਤੇ ਆਪਣੀ ਜ਼ਿੰਦਗੀ ਵਿਚ ਕਦੇ ਵੀ ਨਹੀਂ ਭੁੱਲਣਗੇ। ਮੁੱਖ ਮੰਤਰੀ ਨੇ ਉਨ੍ਹਾਂ ਵੱਲੋਂ ਸੰਸਦ ਮੈਂਬਰ ਦੇ ਤੌਰ ਉਤੇ ਇਸ ਹਲਕੇ ਵਿੱਚ ਦਿੱਤੀਆਂ ਗਰਾਂਟਾਂ ਦੀ ਵਰਤੋਂ ਸੁਚੱਜੇ ਢੰਗ ਨਾਲ ਕਰਨ ਲਈ ਸੰਗਰੂਰ ਵਾਸੀਆਂ ਦੀ ਭਰਵੀਂ ਸ਼ਲਾਘਾ ਕੀਤੀ। ਪਿਛਲੀ ਸਰਕਾਰ ਦੇ ਖਜ਼ਾਨਾ ਮੰਤਰੀ ਉਤੇ ਹਮਲਾ ਬੋਲਦਿਆਂ ਭਗਵੰਤ ਮਾਨ ਨੇ ਕਿਹਾ ਕਿ ਸਾਡੇ ਕੋਲ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ, ਜਦਕਿ ਇਹ ਖਜ਼ਾਨਾ ਮੰਤਰੀ ਜਨਤਕ ਕਾਰਜਾਂ ਲਈ ਹਰੇਕ ਵਾਰ ਖਜ਼ਾਨਾ ਖਾਲੀ ਹੈ ਦਾ ਰੌਲਾ ਪਾਉਂਦੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਜਲੰਧਰ ਲੋਕ ਸਭਾ ਚੋਣ ਜਿੱਤਣ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਪੰਜਾਬ ਤੋਂ ਚੁਣੇ ਹੋਏ ਨੁਮਾਇੰਦਿਆਂ ਦਾ 100 ਦਾ ਅੰਕੜਾ ਛੂਹ ਲਿਆ ਹੈ। ਇਸ ਦੌਰਾਨ ਮੁੱਖ ਮੰਤਰੀ ਨੇ ਆਈ.ਪੀ.ਐਸ. ਚੁਣੇ ਗਏ ਲਹਿਰਾਗਾਗਾ ਦੇ ਨੌਜਵਾਨ ਰੌਬਿਨ ਨੂੰ ਨੌਜਵਾਨਾਂ ਸਾਹਮਣੇ ਰੂਬਰੂ ਕਰਦੇ ਹੋਏ ਕਿਹਾ ਕਿ ਸਿਰਫ ਵਿਦਿਆ ਨਾਲ ਹੀ ਸਾਰੀਆਂ ਔਕੜਾਂ ਪਾਰ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਨੇ ਉਮੀਦ ਜ਼ਾਹਰ ਕੀਤੀ ਕਿ ਉਹ ਦਿਨ ਦੂਰ ਨਹੀਂ ਜਦੋਂ ਸੂਬਾ ਸਰਕਾਰ ਦੇ ਸੁਹਿਰਦ ਯਤਨਾਂ ਸਦਕਾ ਪੰਜਾਬ ਮੁਲਕ ਦਾ ਅੱਵਲ ਸੂਬਾ ਬਣ ਕੇ ਉਭਰੇਗਾ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਰੰਗਲਾ ਪੰਜਾਬ ਸਿਰਜਣ ਵਾਸਤੇ ਢੁਕਵੀਂ ਵਿਉਂਤਬੰਦੀ ਕੀਤੀ ਹੈ।

# ਟੇਸਲਾ ਦੇ ਸੀਈਓ ਏਲਨ ਮਸਕ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੀਤੀ ਮੁਲਾਕਾਤ



ਵਾਸ਼ਿੰਗਟਨ, 21 ਜੂਨ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਅਮਰੀਕੀ ਦੌਰੇ ’ਤੇ ਹਨ। ਇਸ ਦੌਰਾਨ ਬੁੱਧਵਾਰ ਨੂੰ ਉਨ੍ਹਾਂ ਨੇ ਟੇਸਲਾ ਦੇ ਸੀਈਓ ਏਲਨ ਮਸਕ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਦੁਨੀਆਂ ਦੀ ਸਭ ਤੋਂ ਵੱਡੀ ਇਲੈਕਟ੍ਰਿਕ ਕਾਰ ਕੰਪਨੀ ਟੇਸਲਾ ਦੀ ਭਾਰਤ 'ਚ ਐਂਟਰੀ ਨੂੰ ਲੈ ਕੇ ਵੀ ਗੱਲਬਾਤ ਹੋਈ। ਮੀਟਿੰਗ ਤੋਂ ਬਾਅਦ ਟੇਸਲਾ ਦੇ ਸੀਈਓ ਏਲਨ ਮਸਕ ਨੇ ਭਾਰਤੀ ਬਾਜ਼ਾਰ 'ਚ ਟੇਸਲਾ ਦੀ ਐਂਟਰੀ ਨੂੰ ਲੈ ਕੇ ਵੱਡਾ ਦਾਅਵਾ ਕੀਤਾ। ਨਿਊਯਾਰਕ ਦੇ ਪੈਲੇਸ ਹੋਟਲ 'ਚ ਏਲਨ ਮਸਕ ਨੇ ਕਿਹਾ ਕਿ ਕੰਪਨੀ ਆਉਣ ਵਾਲੇ ਸਮੇਂ 'ਚ ਭਾਰਤ 'ਚ ਨਿਵੇਸ਼ ਕਰੇਗੀ, ਜੋ ਦੇਸ਼ ਲਈ ਮਹੱਤਵਪੂਰਨ ਵਿਕਾਸ ਹੋਵੇਗਾ।
ਇਸ ਦੌਰਾਨ ਐਲੋਨ ਮਸਕ ਨੇ ਪੀ.ਐੱਮ ਮੋਦੀ ਨਾਲ ਮੁਲਾਕਾਤ ਤੋਂ ਬਾਅਦ ਭਾਰਤ ਵਿੱਚ ਨਿਵੇਸ਼ ਕਰਨ ਦੀ ਯੋਜਨਾ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਉਹ ਖੁਦ ਅਗਲੇ ਸਾਲ ਭਾਰਤ ਆਉਣ ਦੀ ਯੋਜਨਾ ਬਣਾ ਰਹੇ ਹਨ ਅਤੇ ਉਨ੍ਹਾਂ ਨੂੰ ਭਰੋਸਾ ਹੈ ਕਿ ਟੇਸਲਾ ਭਾਰਤ ਵਿੱਚ ਹੋਵੇਗੀ। ਉਨ੍ਹਾਂ ਕਿਹਾ ਕਿ ਮੈਂ ਪ੍ਰਧਾਨ ਮੰਤਰੀ ਦਾ ਉਨ੍ਹਾਂ ਦੇ ਸਮਰਥਨ ਲਈ ਧੰਨਵਾਦ ਕਰਨਾ ਚਾਹੁੰਦਾ ਹਾਂ ਅਤੇ ਉਮੀਦ ਕਰਦਾ ਹਾਂ ਕਿ ਅਸੀਂ ਆਉਣ ਵਾਲੇ ਸਮੇਂ ਵਿੱਚ ਕੁਝ ਐਲਾਨ ਕਰ ਸਕਾਂਗੇ। ਇਹ ਭਾਰਤ ਨਾਲ ਸਾਡੇ ਸਬੰਧਾਂ ਵਿੱਚ ਇੱਕ ਮਹੱਤਵਪੂਰਨ ਨਿਵੇਸ਼ ਹੋਵੇਗਾ।

# ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



ਚੰਡੀਗੜ੍ਹ, 21 ਜੂਨ (ਪੋਸਟ ਬਿਊਰੋ): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਮਾਣਯੋਗ ਜਸਟਿਸ ਰਵੀ ਸ਼ੰਕਰ ਝਾਅ ਦੀ ਅਗਵਾਈ ਹੇਠ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਇਹ ਦਿਵਸ ਕਾਨੂੰਨ ਤੇ ਨਿਆਂ ਮੰਤਰਾਲੇ ਅਤੇ ਆਯੂਸ਼, ਭਾਰਤ ਸਰਕਾਰ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮਨਾਇਆ ਗਿਆ। ਇਸ ਸਮਾਗਮ ਵਿੱਚ ਮਾਣਯੋਗ ਜੱਜਾਂ, ਐਡਵੋਕੇਟ ਜਨਰਲਾਂ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਬਾਰ ਐਸੋਸੀਏਸ਼ਨ ਦੇ ਮੈਂਬਰਾਂ, ਹਾਈ ਕੋਰਟ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਨੇ ਭਾਗ ਲਿਆ ਅਤੇ ਵੱਖ-ਵੱਖ ਯੋਗ ਆਸਣ ਅਤੇ ਧਿਆਨ ਕਰਨ ਲਈ ਭਾਰੀ ਉਤਸ਼ਾਹ ਦਿਖਾਇਆ।

ਇਸ ਮੌਕੇ ਭਾਗੀਦਾਰਾਂ ਨੂੰ ਯੋਗ ਦੇ ਲਾਭਾਂ ਬਾਰੇ ਜਾਣੂ ਕਰਵਾਇਆ ਗਿਆ। ਯੋਗ ਪ੍ਰਾਚੀਨ ਭਾਰਤੀ ਪਰੰਪਰਾ ਦਾ ਇੱਕ ਅਨਮੋਲ ਤੋਹਫ਼ਾ ਹੈ ਅਤੇ ਇਹ ਸਰੀਰਕ ਵਿਕਾਸ ਅਤੇ ਮਾਨਸਿਕ ਆਰਾਮ ਦੇ ਨਾਲ-ਨਾਲ ਸਮਰਥਾ, ਲਚਕਤਾ ਅਤੇ ਪ੍ਰਤੀਰੋਧਕ ਸ਼ਕਤੀ ਦੇ ਵਿਕਾਸ ਵਿੱਚ ਸਹਾਇਕ ਹੁੰਦਾ ਹੈ। ਲੋਕਾਂ ਦੀ ਮਾਨਸਿਕ ਅਤੇ ਸਰੀਰਕ ਸਿਹਤ ਗੰਭੀਰ ਤਣਾਅ ਵਿੱਚ ਹੋਣ ਕਾਰਨ ਮੌਜੂਦਾ ਸਮੇਂ ਇਸ ਦਾ ਖਾਸ ਮਹੱਤਵ ਹੈ। ਉਨ੍ਹਾਂ ਕਿਹਾ ਕਿ ਯੋਗ ਸਿਰਫ਼ ਕਸਰਤ ਨਹੀਂ ਸਗੋਂ ਆਪਣੇ ਆਪ ਨੂੰ ਸੰਸਾਰ ਅਤੇ ਕੁਦਰਤ ਨਾਲ ਜੋੜਨਾ ਹੈ।

ਅੰਤਰਰਾਸ਼ਟਰੀ ਯੋਗਾ ਦਿਵਸ ਹਰ ਸਾਲ 21 ਜੂਨ ਨੂੰ ਮਨਾਇਆ ਜਾਂਦਾ ਹੈ ਅਤੇ ਇਸ ਸਾਲ ਇਹ ਦਿਹਾੜਾ ਪੂਰੇ ਭਾਰਤ ਵਿੱਚ ਯੋਗ ਨੂੰ "ਹਰ ਘਰ ਆਂਗਨ" ਤੱਕ ਪਹੁੰਚਾਉਣ, ਹਰ ਵਿਅਕਤੀ ਦੀ ਰੋਜ਼ਾਨਾ ਰੁਟੀਨ ਦਾ ਹਿੱਸਾ ਬਣਾਉਣ, ਯੋਗ ਦੀ ਮਹੱਤਤਾ ਉਜਾਗਰ ਕਰਨ ਅਤੇ "ਜਨਤਕ ਸਿਹਤ" ਲਈ ਸਰੀਰ ਅਤੇ ਦਿਮਾਗ ਨੂੰ ਤੰਦਰੁਸਤ ਰੱਖਣ ਸਬੰਧੀ ਲਾਭ ਉਜਾਗਰ ਕਰਨ ਦੇ ਉਦੇਸ਼ ਨਾਲ ਮਨਾਇਆ ਜਾ ਰਿਹਾ ਹੈ।

## ਅਮਰੀਕਾ ਦੀ ਮਹਿਲਾ ਜੇਲ੍ਹ ਵਿਚ ਗੈਂਗਵਾਰ ਦੌਰਾਨ ਔਰਤਾਂ ਨੂੰ ਅੱਗ ਲਾ ਕੇ ਅਤੇ ਗੋਲੀਆਂ ਕੇ ਮਾਰਿਆ, ਕੁਲ 41 ਮੌਤਾਂ



ਵਾਸ਼ਿੰਗਟਨ, 21 ਜੂਨ (ਪੋਸਟ ਬਿਊਰੋ): ਅਮਰੀਕਾ ਦੇ ਹੋਂਡੂਰਸ ਦੀ ਤਮਾਰਾ ਵੂਮੈਨ ਜੇਲ੍ਹ 'ਚ ਗੈਂਗ ਵਾਰ ਦੌਰਾਨ 41 ਕੈਦੀਆਂ ਦੀ ਮੌਤ ਹੋ ਗਈ ਹੈ। ਹਸਪਤਾਲ ਲਿਜਾਂਦੇ ਸਮੇਂ ਇਕ ਕੈਦੀ ਨੇ ਖੁਲਾਸਾ ਕੀਤਾ ਕਿ ਗੈਂਗ-18 ਦੀਆਂ ਔਰਤਾਂ ਗੈਂਗ-13 ਦੇ ਮਾਡਿਊਲ ਕੋਲ ਗਈਆਂ, ਜਿਸ ਤੋਂ ਬਾਅਦ ਉਨ੍ਹਾਂ ਵਿਚਾਲੇ ਗੋਲੀਬਾਰੀ ਹੋ ਗਈ। ਇਸ ਦੀਆਂ ਵੀਡੀਓਜ਼ ਵੀ ਸੋਸ਼ਲ ਮੀਡੀਆ 'ਤੇ ਸਾਹਮਣੇ ਆਈਆਂ ਹਨ। ਜੇਲ੍ਹ ਅਧਿਕਾਰੀਆਂ ਨੇ ਦੱਸਿਆ ਹੈ ਕਿ ਇਸ ਗੈਂਗ ਵਾਰ ਦੌਰਾਨ 25 ਔਰਤਾਂ ਨੂੰ ਅੱਗ ਲਾ ਕੇ ਮਾਰ ਦਿੱਤਾ ਗਿਆ ਅਤੇ 16 ਦੀ ਗੋਲੀ ਲੱਗਣ ਕਾਰਨ ਮੌਤ ਹੋ ਗਈ। ਹਾਲਾਂਕਿ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਇਹ ਸਾਰੀਆਂ ਕੈਦੀ ਸਨ ਜਾਂ ਨਹੀਂ। ਹੋਂਡੁਰਾਸ ਵਿਚ ਜੇਲ੍ਹ ਵਿਚ ਘਾਤਕ ਘਟਨਾਵਾਂ ਦਾ ਇਤਿਹਾਸ ਰਿਹਾ ਹੈ। ਇਸ ਤੋਂ ਪਹਿਲਾਂ 2012 ਅਤੇ 2092 ਵਿੱਚ ਵੀ ਘਾਤਕ ਘਟਨਾਵਾਂ ਹੋ ਚੁੱਕੀਆਂ ਹਨ।

# ਪੰਜਾਬ ਵਿੱਚ ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਤ ਕਰਨ ਲਈ ਕਰੀਬ 300 ਕਰੋੜ ਰੁਪਏ ਦੀਆਂ ਰਿਆਇਤਾਂ ਦਿੱਤੀਆਂ ਜਾਣਗੀਆਂ : ਭੁੱਲਰ


ਚੰਡੀਗੜ੍ਹ, 21 ਜੂਨ (ਪੋਸਟ ਬਿਊਰੋ): ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਵਿੱਚ ਪ੍ਰਦੂਸ਼ਣ ਨੂੰ ਘੱਟ ਕਰਨ ਦੇ ਮਨਸ਼ੇ ਨਾਲ ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਤ ਕਰਨ ਵਾਸਤੇ ਅਗਲੇ ਤਿੰਨ ਸਾਲਾਂ ਦੌਰਾਨ ਕਰੀਬ 300 ਕਰੋੜ ਰੁਪਏ ਦੀਆਂ ਰਿਆਇਤਾਂ ਦਿੱਤੀਆਂ ਜਾਣਗੀਆਂ।

ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਿਤ ਕਰਨ ਵਾਸਤੇ ਬਣਾਈ ਗਈ ਇਲੈਕਟ੍ਰਿਕ ਵਾਹਨ ਨੀਤੀ-2023 ਨੂੰ ਲਾਗੂ ਕਰਨ ਲਈ ਪਾਬੰਦ ਰਾਜ ਪੱਧਰੀ ਈ.ਵੀ. ਕਮੇਟੀ ਦੀ ਪੰਜਾਬ ਭਵਨ ਵਿਖੇ ਹੋਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਰਿਆਇਤਾਂ ਇਲੈਕਟ੍ਰਿਕ ਦੋ-ਪਹੀਆ ਵਾਹਨਾਂ, ਈ-ਸਾਈਕਲਾਂ, ਈ-ਰਿਕਸ਼ਾ, ਈ-ਆਟੋ, ਇਲੈਕਟ੍ਰਿਕ ਲਾਈਟ ਕਮਰਸ਼ੀਅਲ ਵਾਹਨਾਂ ਆਦਿ ਉਤੇ ਦਿੱਤੀਆਂ ਜਾਣਗੀਆਂ। ਉਨ੍ਹਾਂ ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਨੂੰ ਰਿਆਇਤਾਂ ਲਈ ਸਮਰਪਿਤ ਈ.ਵੀ ਫ਼ੰਡ ਕਾਇਮ ਕਰਨ ਲਈ ਵਿੱਤ ਵਿਭਾਗ ਨੂੰ ਪੱਤਰ ਭੇਜਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਇਨ੍ਹਾਂ ਫ਼ੰਡਾਂ ਨੂੰ ਸੂਬੇ ਵਿੱਚ ਈ.ਵੀ. ਵਾਹਨਾਂ ਨੂੰ ਉਤਸ਼ਾਹਿਤ ਕਰਨ ਵਾਸਤੇ ਵਰਤਿਆ ਜਾਣਾ ਹੈ, ਇਸ ਲਈ ਇਸ ਸਬੰਧੀ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਭੁੱਲਰ ਨੇ ਸੂਬੇ ਵਿੱਚ ਈ.ਵੀ ਨੀਤੀ ਨੂੰ ਲਾਗੂ ਕਰਨ ਸਬੰਧੀ ਵੱਖ-ਵੱਖ ਵਿਭਾਗਾਂ ਨੂੰ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਸਬੰਧੀ ਵੇਰਵੇ ਲਏ। ਉਨ੍ਹਾਂ ਕਿਹਾ ਕਿ ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਤ ਕਰਨ ਵਾਸਤੇ ਬੁਨਿਆਦੀ ਢਾਂਚੇ ਦੀ ਸਥਾਪਤੀ ਜ਼ਰੂਰੀ ਹੈ ਅਤੇ ਇਸ ਦੀ ਸਥਾਪਤੀ ਦੇ ਕਾਰਜ ਛੇਤੀ ਤੋਂ ਛੇਤੀ ਮੁਕੰਮਲ ਕਰ ਲਏ ਜਾਣ। ਉਨ੍ਹਾਂ ਸਮੂਹ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਸ ਦਿਸ਼ਾ ਵਿਚ ਤੇਜ਼ੀ ਨਾਲ ਕੰਮ ਕਰਨ ਦੀ ਹਦਾਇਤ ਕੀਤੀ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਇਸ ਨੀਤੀ ਨੂੰ ਲਾਗੂ ਕਰਨ ਲਈ ਈ.ਵੀ. ਸੈੱਲ ਬਣਾਉਣ ਵਾਸਤੇ ਈ.ਵੀ. ਖੇਤਰ ਵਿੱਚ ਕੰਮ ਕਰਨ ਵਾਲੇ ਮਾਹਰਾਂ ਦੀ ਭਰਤੀ ਪ੍ਰੀਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ।

ਟਰਾਂਸਪੋਰਟ ਮੰਤਰੀ ਨੇ ਪੀ.ਐਸ.ਪੀ.ਸੀ.ਐਲ. ਅਤੇ ਪੇਡਾ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇੱਕ ਮਹੀਨੇ ਦੇ ਅੰਦਰ-ਅੰਦਰ ਸੂਬੇ ਵਿਚ ਇਲੈਕਟ੍ਰਿਕ ਵਾਹਨਾਂ ਦੇ ਚਾਰਜਿੰਗ ਸਟੇਸ਼ਨ ਸਥਾਪਤ ਕਰਨ ਦੀ ਵਿਉਂਤਬੰਦੀ ਅਤੇ ਅਜਿਹੀਆਂ ਥਾਵਾਂ ਦੀ ਸ਼ਨਾਖ਼ਤ ਕਰਨ ਸਬੰਧੀ ਰਿਪੋਰਟ ਤਿਆਰ ਕਰ ਕੇ ਭੇਜਣ। ਉਨ੍ਹਾਂ ਮਕਾਨ ਉਸਾਰੀ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਭਵਿੱਖ ਵਿੱਚ ਬਣਨ ਵਾਲੇ ਮਾਲਜ਼ ਅਤੇ ਹਾਊਸਿੰਗ ਸੁਸਾਇਟੀਆਂ ਵਿਚ ਇਲੈਕਟ੍ਰਿਕ ਵਾਹਨ ਚਾਰਜਿੰਗ ਸਹੂਲਤਾਂ ਦਾ ਪ੍ਰਬੰਧ ਕਰਨ ਲਈ ਨੀਤੀ ਘੜੀ ਜਾਵੇ।









URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017